SWITCH INSURANCE
AUTO, HOME & COMMERCIAL
- Commercial Vehicle Insurance
- Commercial Property Insurance
- Commercial General Liability (CGL)
- Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
- Immigration
- Real Estate
- Commercial Law
- Affidavit
- Power of Attorney
Rakesh M. Joshi
B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit **punjabipost.ca/epaper** | **Vol 23* Issue 234** | **Tuesday, 24 December 2024** | **Tel: 905-793-2202 | Fax: 905-793-2282 | news@punjabipost.ca** | ਤੁਸੀਂ 'ਪੰਜਾਬੀ ਪੋਸਟ' ***Online***ਰੋਜ਼ਾਨਾ ਪੜ੍ਹ ਸਕਦੇ ਹੋ






# ਜਿਸ ਬਿਲਡਿੰਗ ਵਿੱਚ 20 ਸਾਲਾ ਸੁਰੱਖਿਆ ਗਾਰਡ ਹਰਸ਼ਨਦੀਪ ਸਿੰਘ ਦਾ ਹੋਇਆ ਸੀ ਕਤਲ, ਉਸਨੂੰ ਖਾਲ੍ਹੀ ਕਰਨ ਦਾ ਹੁਕਮ

ਐਡਮਿੰਟਨ, 23 ਦਸੰਬਰ (ਪੋਸਟ ਬਿਊਰੋ): ਇੱਕ ਅਪਾਰਟਮੈਂਟ ਬਿਲਡਿੰਗ, ਜਿੱਥੇ ਇਸ ਮਹੀਨੇ ਦੇ ਸ਼ੁਰੂ ਵਿੱਚ ਇੱਕ ਸੁਰੱਖਿਆ ਗਾਰਡ ਦਾ ਕਤਲ ਹੋਇਆ ਸੀ, ਉਸ ਨੂੰ ਖਾਲ੍ਹੀ ਕਰਾਇਆ ਜਾ ਰਿਹਾ ਹੈ।

ਸ਼ਹਿਰ ਦੇ ਕਰਮਚਾਰੀ, ਪੁਲਿਸ ਅਤੇ ਬਸਾਂ ਲੋਕਾਂ ਦੀ ਮਦਦ ਲਈ ਸੋਮਵਾਰ ਸਵੇਰੇ ਮੌਜੂਦ ਸਨ, ਤਾਂਕਿ ਨਿਵਾਸੀਆਂ ਨੂੰ ਬਿਲਡਿੰਗ ਵਿਚੋਂ ਬਾਹਰ ਕੱਢਿਆ ਜਾ ਸਕੇ।



20 ਸਾਲਾ ਹਰਸ਼ਨਦੀਪ ਸਿੰਘ ਬਿਲਡਿੰਗ ਵਿੱਚ ਸੁਰੱਖਿਆ ਗਾਰਡ ਦੇ ਰੂਪ ਵਿੱਚ ਕੰਮ ਕਰ ਰਿਹਾ ਸੀ, ਜਦੋਂ 6 ਦਸੰਬਰ ਸਵੇਰੇ ਉਸਦਾ ਕਤਲ ਕਰ ਦਿੱਤਾ ਗਿਆ। ਉਸਦੀ ਮੌਤ ਲਈ ਇਵਾਨ ਰੇਨ ਅਤੇ ਜੂਡਿਥ ਸਾਲਟੋ ’ਤੇ ਫ੍ਰਸਟ ਡਿਗਰੀ ਕਤਲ ਦਾ ਚਾਰਜਿਜ਼ ਲਗਾਇਆ ਗਿਆ ਹੈ। ਹਰਸ਼ਨਦੀਪ ਸਿੰਘ ਨੇ ਕਤਲ ਤੋਂ ਸਿਰਫ਼ ਤਿੰਨ ਦਿਨ ਪਹਿਲਾਂ ਹੀ ਕੰਮ ਸ਼ੁਰੂ ਕੀਤੀ ਸੀ। ਇਹ ਬਿਲਡਿੰਗ ਫਿਲਹਾਲ ਵਿਕਰੀ ਲਈ ਹੈ।

Realtor.ca ’ਤੇ ਲਿਸਟਿੰਗ ਅਨੁਸਾਰ ਇਸਨੂੰ 1971 ਵਿੱਚ ਬਣਾਇਆ ਗਿਆ ਸੀ ਅਤੇ ਇਸਵਿੱਚ ਤਿੰਨ ਮੰਜਿਲਾਂ ’ਤੇ 36 ਰਿਹਾਇਸ਼ੀ ਯੂਨਿਟਾਂ ਹਨ ਅਤੇ ਮੁੱਖ ਮੰਜਿਲ ’ਤੇ ਛੇ retail bays ਹਨ। ਇਸਦੀ ਕੀਮਤ 7,949,800 ਡਾਲਰ ਹੈ।

# ਹੈਮਿਲਟਨ ਦੇ ਇੱਕ ਵਿਅਕਤੀ ’ਤੇ ਪਾਲਤੂ ਜਾਨਵਰ ਦੇ ਤੌਰ’ ਤੇ ਰੈਕੂਨ ਰੱਖਣ ਦਾ ਦੋਸ਼

ਟੋਰਾਂਟੋ, 23 ਦਸੰਬਰ (ਪੋਸਟ ਬਿਊਰੋ): ਹੈਮਿਲਟਨ ਪੁਲਿਸ ਦਾ ਕਹਿਣਾ ਹੈ ਕਿ ਇੱਕ ਵਿਅਕਤੀ ’ਤੇ ਕਈ ਡਰਗ ਅਤੇ ਹਥਿਆਰ ਸਬੰਧੀ ਅਪਰਾਧਾਂ ਦਾ ਦੋਸ਼ ਹੈ, ਜੋ ਪਾਲਤੂ ਜਾਨਵਰ ਦੇ ਰੂਪ ਵਿੱਚ ਰੈਕੂਨ ਰੱਖਦਾ ਸੀ।

20 ਦਸੰਬਰ ਦੀ ਸਵੇਰੇ ਸ਼ਹਿਰ ਦੇ ਬਾਰਟਨਵਿਲੇ ਨੇਬਰਹੁੱਡ ਵਿੱਚ ਮੋਂਟਗੋਮਰੀ ਪਾਰਕ ਵਿੱਚ ਇੱਕ ਟੈਂਟ ’ਚ ਅਧਿਕਾਰੀਆਂ ਨੇ ਸਰਚ ਵਾਰੰਟ ਜਾਰੀ ਕੀਤਾ। ਇੱਕ ਵਿਅਕਤੀ ਬਾਰੇ ਸ਼ਿਕਾਇਤਾਂ ਮਿਲਣ ਤੋਂ ਬਾਅਦ ਜੋ ਡਰਗਜ਼ ਦਾ ਕਾਰੋਬਾਰ ਕਰ ਰਿਹਾ ਸੀ ਅਤੇ ਉਸ ਕੋਲ ਇੱਕ ਗੰਨ ਸੀ।

ਪੁਲਿਸ ਨੇ ਕਿਹਾ ਕਿ ਜਦੋਂ ਅਧਿਕਾਰੀ ਟੈਂਟ ਵਿੱਚ ਦਾਖਲ ਹੋਏ ਤਾਂ ਉਨ੍ਹਾਂ ਨੇ ਦੇਖਿਆ ਕਿ ਉਸ ਵਿੱਚ ਇੱਕ ਜਨਰੇਟਰ, ਟੀਵੀ ਅਤੇ ਇੱਕ ਤਿਜੋਰੀ ਸੀ, ਜਿਸ ਵਿੱਚ ਨਕਦੀ ਅਤੇ ਵੱਡੀ ਮਾਰਤਾ ’ਚ ਡਰਗਜ਼ ਸੀ।




ਇੱਕ ਰੈਕੂਨ ਵੀ ਟੈਂਟ ਅੰਦਰ ਘੁੰਮਦਾ ਹੋਇਆ ਮਿਲਿਆ ਅਤੇ ਉਸਨੂੰ ਪਾਲਤੂ ਜਾਨਵਰ ਦੇ ਰੂਪ ਵਿੱਚ ਰੱਖਿਆ ਗਿਆ ਸੀ। ਪੁਲਿਸ ਨੇ ਕਿਹਾ ਕਿ 36 ਸਾਲਾ ਮੁਲਜ਼ਮ, ਜਿਸਦੀ ਪਹਿਚਾਣ ਹੈਮਿਲਟਨ ਨਿਵਾਸੀ ਮੈਥਿਊ ਕੈਂਪਬੇਲ-ਲੁਈਸ ਦੇ ਰੂਪ ਵਿੱਚ ਹੋਈ ਹੈ, ਗ੍ਰਿਫ਼ਤਾਰ ਕੀਤਾ ਗਿਆ ਅਤੇ ਉਸ ਕੋਲੋਂ ਇੱਕ ਸਵਿਚਬਲੇਡ ਪਾਇਆ ਗਿਆ ਹੈ।

ਉਸ ’ਤੇ ਕਈ ਅਪਰਾਧਾਂ ਦਾ ਚਾਰਜਿਜ਼ ਲਗਾਇਆ ਗਿਆ ਹੈ, ਜਿਸ ਵਿੱਚ ਫੇਂਟੇਨਾਇਲ, ਹਾਈਡ੍ਰੋਮੋਰਫੋਨ, ਮੇਥਾਮਫੇਟਾਮਾਇਨ ਅਤੇ ਗੋਲਾ-ਬਾਰੂਦ ਰੱਖਣਾ ਸ਼ਾਮਿਲ ਹੈ।

ਪੁਲਿਸ ਨੇ ਦੱਸਿਆ ਕਿ ਕੈਂਪਬੇਲ-ਲੁਈਸ ’ਤੇ ਪਾਬੰਦੀਸ਼ੁਦਾ ਜਾਨਵਰ ਰੱਖਣ ਦਾ ਵੀ ਦੋਸ਼ ਹੈ। ਰੈਕੂਨ ਨੂੰ ਲੈਣ ਲਈ ਹੈਮਿਲਟਨ ਐਨੀਮਲ ਸਰਵਿਸੇਜ਼ ਨਾਲ ਸੰਪਰਕ ਕੀਤਾ ਗਿਆ ਹੈ।

# ਲਾਵਲ ਵਿੱਚ ਇੱਕ ਘਰ ਉੱਤੇ ਗੋਲੀਬਾਰੀ

ਮਾਂਟਰੀਅਲ, 23 ਦਸੰਬਰ (ਪੋਸਟ ਬਿਊਰੋ): ਲਾਵਲ ਪੁਲਿਸ (ਐੱਸਪੀਇਐੱਲ) ਸੋਮਵਾਰ ਸਵੇਰੇ ਇੱਕ ਘਰ ’ਤੇ ਗੋਲੀਬਾਰੀ ਦੀ ਰਿਪੋਰਟ ਦੀ ਜਾਂਚ ਕਰ ਰਹੀ ਹੈ।

ਫੋਰਸ ਨੂੰ ਸੇਂਟ-ਮਾਰਟਿਨ ਬੁਲੇਵਾਰਡ ਟੌਰੇਨ ਸਟਰੀਟ ’ਤੇ ਗੋਲੀਆਂ ਚੱਲਣ ਬਾਰੇ ਰਾਤ 1 ਵਜੇ 911 ’ਤੇ ਕਾਲ ਆਇਆ। ਜ਼ਮੀਨ ’ਤੇ ਗੋਲੀਆਂ ਦੇ ਖੋਲ ਪਾਏ ਗਏ ਅਤੇ ਇੱਕ ਸ਼ੱਕੀ ਵਾਹਨ ਨੂੰ ਕੰਪਲੈਕਸ ’ਚੋਂ ਬਾਹਰ ਨਿਕਲਦੇ ਵੇਖਿਆ ਗਿਆ।




ਹਾਲੇ ਤੱਕ ਕੋਈ ਗਿਰਫਤਾਰੀ ਨਹੀਂ ਹੋਈ ਹੈ ਅਤੇ ਕਿਸੇ ਦੇ ਜ਼ਖ਼ਮੀ ਹੋਣ ਦੀ ਸੂਚਨਾ ਨਹੀਂ ਹੈ। ਲਾਵਲ ਪੁਲਿਸ ਨੇ ਜਾਂਚਕਰਤਾਵਾਂ ਨੂੰ ਆਪਣਾ ਕੰਮ ਕਰਨ ਦੀ ਆਗਿਆ ਦੇਣ ਲਈ ਇਲਾਕੇ ਵਿੱਚ ਇੱਕ ਸੁਰੱਖਿਆ ਘੇਰਾ ਬਣਾਇਆ ਹੈ।

## ਹਾਈਵੇ 417 ’ਤੇ ਮੋਬਾਇਲ ਫੋਨ ਦੀ ਵਰਤੋਂ ਕਰਨ ’ਤੇ ਵਿਅਕਤੀ ’ਤੇ 5ਵੀਂ ਵਾਰ ਲੱਗੇ ਚਾਰਜਿਜ਼



ਓਟਵਾ, 23 ਦਸੰਬਰ (ਪੋਸਟ ਬਿਊਰੋ): ਓਟਵਾ ਦੇ ਇੱਕ ਡਰਾਈਵਰ ’ਤੇ ਐਤਵਾਰ ਨੂੰ ਗੱਡੀ ਚਲਾਉਂਦੇ ਸਮੇਂ ਮੋਬਾਇਲ ਫੋਨ ਦੀ ਵਰਤੋਂ ਕਰਨ ’ਤੇ ਲਈ ਪੰਜਵਾਂ ਡਿਸਟ੍ਰੈਕਟਿਡ ਡਰਾਈਵਿੰਗ ਚਾਰਜਿਜ਼ ਲਗਾਇਆ ਗਿਆ।

ਓਂਟਾਰੀਓ ਪ੍ਰੋਵਿਨਸ਼ੀਅਲ ਪੁਲਿਸ ਦਾ ਕਹਿਣਾ ਹੈ ਕਿ ਅਧਿਕਾਰੀਆਂ ਨੇ ਹਾਈਵੇ 417 ’ਤੇ ਕਾਰ ਵਿੱਚ ਬੈਠੇ ਡਰਾਈਵਰ ਨੂੰ ਉਸਦੀ ਪਤਨੀ ਅਤੇ ਬੱਚਿਆਂ ਨਾਲ ਫੜ੍ਹਿਆ।

ਪੁਲਿਸ ਦਾ ਕਹਿਣਾ ਹੈ ਕਿ ਡਿਸਟ੍ਰੈਕਟਿਡ ਡਰਾਈਵਿੰਗ ਲਈ ਉਸਨੂੰ ਹਾਲ ਹੀ ਵਿੱਚ 10 ਦਸੰਬਰ ਨੂੰ ਦੋਸ਼ੀ ਠਹਿਰਾਇਆ ਗਿਆ ਸੀ। ਉਸਤੋਂ ਪਹਿਲਾਂ ਵੀ ਉਸ ’ਤੇ ਤਿੰਨ ਵਾਰ ਇਸੇ ਤਰ੍ਹਾਂ ਦਾ ਚਾਰਜਿਜ਼ ਲਗਾਇਆ ਗਿਆ ਸੀ।

ਚਾਰਜਿਜ਼ ਦੇ ਨਾਲ 615 ਡਾਲਰ ਦਾ ਜੁਰਮਾਨਾ ਅਤੇ ਛੇ ਡਿਮੇਰਿਟ ਪੁਆਇੰਟ ਸ਼ਾਮਿਲ ਹਨ। ਪੁਲਿਸ ਅਨੁਸਾਰ ਉਸਨੂੰ ਹੋਰ ਵੀ ਜ਼ਿਆਦਾ ਪਾਬੰਦੀਆਂ ਦਾ ਸਾਮਣਾ ਕਰਨਾ ਪੈ ਸਕਦਾ ਹੈ, ਜਿਸ ਵਿੱਚ ਦੋਸ਼ੀ ਪਾਏ ਜਾਣ ’ਤੇ 30 ਦਿਨ ਦੀ ਡਰਾਈਵਿੰਗ ਪਾਬੰਦੀ ਵੀ ਸ਼ਾਮਿਲ ਹੈ।

PURBA APPRAISALS INC.

WE PROVIDE RESIDENTIAL REAL ESTATE APPRAISAL SERVICES FOR:



- Mortgage Financing
- Tax/Capital Gain
- Divorce/Separation of Assets
- Litigation Support
- Pre-listing Appraisals

Gurpreet Purba
Broker, CRA
416-669-1423
www.purbahomes.com

## ਤੁਰਕੀ 'ਚ ਹੈਲੀਕਾਪਟਰ ਹਸਪਤਾਲ ਨਾਲ ਟਕਰਾਇਆ, 4 ਲੋਕਾਂ ਦੀ ਮੌਤ



ਅੰਕਾਰਾ, 23 ਦਸੰਬਰ (ਪੋਸਟ ਬਿਊਰੋ): ਤੁਰਕੀ ਦੇ ਮੁਗਲਾ ਸੂਬੇ ਵਿੱਚ ਐਤਵਾਰ ਨੂੰ ਇੱਕ ਹੈਲੀਕਾਪਟਰ ਹਾਦਸੇ ਵਿੱਚ ਦੋ ਪਾਇਲਟਾਂ ਅਤੇ ਇੱਕ ਡਾਕਟਰ ਸਮੇਤ ਚਾਰ ਲੋਕਾਂ ਦੀ ਮੌਤ ਹੋ ਗਈ। ਮੁਗਲਾ ਦੇ ਗਵਰਨਰ ਅਬਦੁੱਲਾ ਏਰਿਨ ਨੇ ਏਐੱਫਪੀ ਨੂੰ ਦੱਸਿਆ ਕਿ ਸੰਘਣੀ ਧੁੰਦ ਕਾਰਨ ਹੈਲੀਕਾਪਟਰ ਨੇੜਲੇ ਹਸਪਤਾਲ ਦੀ ਚੌਥੀ ਮੰਜ਼ਿਲ ਨਾਲ ਟਕਰਾ ਗਿਆ। ਮਾਮਲੇ ਦੀ ਜਾਂਚ ਜਾਰੀ ਹੈ।

ਹੈਲੀਕਾਪਟਰ ਨੇ ਮੁਗਲਾ ਤੋਂ ਅੰਤਾਲਿਆ ਸ਼ਹਿਰ ਲਈ ਉਡਾਨ ਭਰੀ। ਇਸ ਘਟਨਾ ਦੀ ਵੀਡੀਓ ਅਤੇ ਕਈ ਤਸਵੀਰਾਂ ਸੋਸ਼ਲ ਮੀਡੀਆ 'ਤੇ ਵਾਇਰਲ ਹੋ ਰਹੀਆਂ ਹਨ। ਇਨ੍ਹਾਂ ਤਸਵੀਰਾਂ 'ਚ ਹਸਪਤਾਲ ਦੇ ਨੇੜੇ ਹੈਲੀਕਾਪਟਰ ਦਾ ਮਲਬਾ ਖਿਲਰਿਆ ਨਜ਼ਰ ਆ ਰਿਹਾ ਹੈ।

ਹੁਣ ਤੱਕ ਦੀਆਂ ਮੀਡੀਆ ਰਿਪੋਰਟਾਂ ਮੁਤਾਬਕ ਜਹਾਜ਼ 'ਚ ਸਵਾਰ ਲੋਕਾਂ ਤੋਂ ਇਲਾਵਾ ਇਸ ਹਾਦਸੇ 'ਚ ਕਿਸੇ ਹੋਰ ਨੂੰ ਕੋਈ ਨੁਕਸਾਨ ਨਹੀਂ ਪਹੁੰਚਿਆ ਹੈ। ਮੌਕੇ 'ਤੇ ਲੱਗੇ ਸੀਸੀਟੀਵੀ ਕੈਮਰੇ ਦੀ ਫੁਟੇਜ ਵੀ ਸਾਹਮਣੇ ਆਈ ਹੈ। ਹਾਦਸੇ ਤੋਂ ਬਾਅਦ ਮੌਕੇ 'ਤੇ ਪਹੁੰਚੀ ਬਚਾਅ ਟੀਮ ਨੇ ਲਾਸ਼ਾਂ ਨੂੰ ਬਾਹਰ ਕੱਢਿਆ ਅਤੇ ਪੋਸਟਮਾਰਟਮ ਲਈ ਹਸਪਤਾਲ ਭੇਜ ਦਿੱਤਾ।

## ਕੋਰਸੋ ਈਟਾਲੀਆ 'ਚ ਚਾਕੂ ਦੇ ਹਮਲੇ 'ਚ ਮਰਨ ਵਾਲੇ ਵਿਅਕਤੀ ਦੀ ਪੁਲਿਸ ਨੇ ਕੀਤੀ ਪਹਿਚਾਣ



ਟੋਰਾਂਟੋ, 23 ਦਸੰਬਰ (ਪੋਸਟ ਬਿਊਰੋ): ਟੋਰਾਂਟੋ ਪੁਲਿਸ ਨੇ ਉਸ ਵਿਅਕਤੀ ਦੀ ਪਹਿਚਾਣ ਕਰ ਲਈ ਹੈ, ਜਿਸਦੀ ਹਫ਼ਤੇ ਦੇ ਏਂਡ 'ਤੇ ਟੋਰਾਂਟੋ ਦੇ ਕੋਰਸੋ ਈਟਾਲੀਆ ਖੇਤਰ ਵਿੱਚ ਲੰਬੀ ਝੜਪ ਦੌਰਾਨ ਚਾਕੂ ਦੇ ਹਮਲੇ ਤੋਂ ਬਾਅਦ ਮੌਤ ਹੋ ਗਈ ਸੀ। ਪੀੜਤ ਦੀ ਪਹਿਚਾਣ ਟੋਰਾਂਟੋ ਦੇ 21 ਸਾਲਾ ਡੇਵਿਡ ਕਾਰਡੋਸੋ ਦੇ ਰੂਪ ਵਿੱਚ ਹੋਈ ਹੈ।

ਇਹ ਘਟਨਾ ਸ਼ਨੀਵਾਰ ਨੂੰ ਲੈਂਸਡਾਊਨ ਏਵੇਨਿਊ ਦੇ ਪੂਰਵ ਵਿੱਚ ਸੇਂਟ ਕਲੇਇਰ ਏਵੇਨਿਊ ਵੇਸਟ ਅਤੇ ਨੈਰਨ ਏਵੇਨਿਊ ਕੋਲ ਹੋਈ ਸੀ। ਪੁਲਿਸ ਨੇ ਕਿਹਾ ਕਿ ਉਨ੍ਹਾਂ ਨੂੰ ਸਵੇਰੇ 3 ਵਜੇ ਦੇ ਲਗਭਗ ਉਸ ਇਲਾਕੇ ਵਿੱਚ ਬੁਲਾਇਆ ਗਿਆ ਸੀ।

ਉਨ੍ਹਾਂ ਦਾ ਦੋਸ਼ ਹੈ ਕਿ ਬਾਹਰ ਲੋਕਾਂ ਦੇ ਇੱਕ ਗਰੁੱਪ ਵਿਚਕਾਰ ਝੜਪ ਦੌਰਾਨ ਇੱਕ ਵਿਅਕਤੀ ਨੂੰ ਚਾਕੂ ਮਾਰ ਦਿੱਤਾ ਗਿਆ ਸੀ। ਇਹ ਸ਼ਹਿਰ ਵਿਚ ਇਸ ਸਾਲ ਦਾ 84ਵਾਂ ਕਤਲ ਹੈ।

ਟੋਰਾਂਟੋ ਦੇ ਹੀ 31 ਸਾਲਾ ਨੇਲਸਨ ਰੈਪੋਸੋ ਵਿਦਿਨਾ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ ਅਤੇ ਉਸ 'ਤੇ ਸੈਕੰਡ ਡਿਗਰੀ ਕਤਲ ਦਾ ਚਾਰਜਿਜ਼ ਲਗਾਇਆ ਗਿਆ ਹੈ।

## ਬ੍ਰਾਜ਼ੀਲ ਵਿੱਚ ਛੋਟਾ ਯਾਤਰੀ ਜਹਾਜ਼ ਘਰ ਨਾਲ ਟਕਰਾਇਆ, 10 ਲੋਕਾਂ ਦੀ ਮੌਤ, 15 ਲੋਕਾਂ ਦੀ ਹਾਲਤ ਗੰਭੀਰ



ਬ੍ਰਾਜ਼ੀਲੀਆ, 23 ਦਸੰਬਰ (ਪੋਸਟ ਬਿਊਰੋ): ਬ੍ਰਾਜ਼ੀਲ ਦੇ ਗ੍ਰਾਮਾਡੋ ਸ਼ਹਿਰ 'ਚ ਐਤਵਾਰ ਨੂੰ ਇਕ ਛੋਟਾ ਯਾਤਰੀ ਜਹਾਜ਼ ਹਾਦਸਾਗ੍ਰਸਤ ਹੋ ਗਿਆ। ਇਸ ਹਾਦਸੇ 'ਚ 10 ਲੋਕਾਂ ਦੀ ਮੌਤ ਹੋ ਗਈ। ਜਾਣਕਾਰੀ ਅਨੁਸਾਰ ਜਹਾਜ਼ ਪਹਿਲਾਂ ਇੱਕ ਇਮਾਰਤ ਦੀ ਚਿਮਨੀ ਨਾਲ ਟਕਰਾ ਗਿਆ ਅਤੇ ਉਸੇ ਇਮਾਰਤ ਨਾਲ ਟਕਰਾ ਗਿਆ। ਇਸ ਤੋਂ ਬਾਅਦ ਨਜ਼ਦੀਕੀ ਫਰਨੀਚਰ ਦੀ ਦੁਕਾਨ 'ਤੇ ਹਾਦਸਾਗ੍ਰਸਤ ਹੋ ਗਿਆ।

ਏਰੀਆ ਗਵਰਨਰ ਐਡੁਆਰਡੋ ਲੇਈਟ ਨੇ ਸੋਸ਼ਲ ਮੀਡੀਆ ਪੋਸਟ 'ਚ ਕਿਹਾ ਕਿ ਮੈਂ ਸਟੇਟ ਡਿਫੈਂਸ ਫੋਰਸਿਜ਼ ਦੇ ਨਾਲ ਗ੍ਰਾਮਾਡੋ 'ਚ ਜਹਾਜ਼ ਹਾਦਸੇ ਵਾਲੀ ਥਾਂ 'ਤੇ ਹਾਂ। ਫਿਲਹਾਲ ਐਮਰਜੈਂਸੀ ਟੀਮਾਂ ਘਟਨਾ ਵਾਲੀ ਥਾਂ 'ਤੇ ਬਚਾਅ ਕਾਰਜਾਂ 'ਚ ਜੁਟੀਆਂ ਹੋਈਆਂ ਹਨ। ਸ਼ੁਰੂਆਤੀ ਜਾਣਕਾਰੀ ਤੋਂ ਪਤਾ ਲੱਗਾ ਹੈ ਕਿ ਜਹਾਜ਼ 'ਚ ਸਵਾਰ ਕੋਈ ਵੀ ਯਾਤਰੀ ਨਹੀਂ ਬਚਿਆ ਹੈ।

ਸਟੇਟ ਪਬਲਿਕ ਸੇਫਟੀ ਆਫਿਸ ਮੁਤਾਬਕ ਘੱਟੋ-ਘੱਟ 15 ਲੋਕਾਂ ਨੂੰ ਗੰਭੀਰ ਹਾਲਤ 'ਚ ਹਸਪਤਾਲ 'ਚ ਭਰਤੀ ਕਰਵਾਇਆ ਗਿਆ ਹੈ।

ਸਥਾਨਕ ਮੀਡੀਆ ਮੁਤਾਬਕ ਇਹ ਜਹਾਜ਼ ਪਾਈਪਰ ਚੇਏਨ 400 ਟਰਬੋਪ੍ਰੋਪ ਸੀ, ਜਿਸ ਨੇ ਗ੍ਰਾਮਾਡੋ ਤੋਂ ਕੈਨੇਲਾ ਸ਼ਹਿਰ ਲਈ ਉਡਾਨ ਭਰੀ ਸੀ। ਉਹ ਕ੍ਰਿਸਮਸ ਲਈ ਮਸ਼ਹੂਰ ਸੈਲਾਨੀ ਸਥਾਨ ਫਲੋਰਿਆਨੋਪੋਲਿਸ ਜਾ ਰਿਹਾ ਸੀ।

## ਡ੍ਰਮਹੇਲਰ ਦੇ ਘਰ 'ਚੋਂ ਸ਼ੱਕੀ ਗ੍ਰਿਫਤਾਰ




ਕੈਲਗਰੀ, 23 ਦਸੰਬਰ (ਪੋਸਟ ਬਿਊਰੋ): ਡ੍ਰਮਹੇਲਰ ਆਰਸੀਐੱਮਪੀ ਨੇ ਸੋਮਵਾਰ ਨੂੰ ਕਮਿਊਨਿਟੀ ਦੇ ਇੱਕ ਘਰ 'ਚੋਂ ਪੁਲਿਸ ਨੇ ਇੱਕ ਘਟਨਾ ਦੇ ਸਿਲਸਿਲੇ ਵਿੱਚ ਇੱਕ ਸ਼ੱਕੀ ਨੂੰ ਗ੍ਰਿਫ਼ਤਾਰ ਕੀਤਾ ਹੈ।

ਸੋਮਵਾਰ ਸਵੇਰੇ ਕਰੀਬ 4 ਵਜੇ, ਅਧਿਕਾਰੀਆਂ ਨੇ ਕਿਹਾ ਕਿ ਪੁਲਿਸ ਨੇ 7 ਸਟਰੀਟ ਅਤੇ 7 ਏਵੇਨਿਊ ਈਸਟ ਕੋਲ ਇੱਕ ਘਰ ਨੂੰ ਘੇਰਿਆ। ਸਵੇਰੇ 7:30 ਵਜੇ ਪੁਲਿਸ ਨੇ ਕਿਹਾ ਕਿ ਸਥਿਤੀ ਨੂੰ ਸੁਰੱਖਿਅਤ ਰੂਪ ਨਾਲ ਸੁਲਝਾ ਲਿਆ ਗਿਆ ਹੈ ਅਤੇ ਇੱਕ ਸ਼ੱਕੀ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ। ਹਾਲੇ ਚਾਰਜਿਜ਼ ਲਗਾਏ ਜਾਣੇ ਹਨ।

## ਰਾਜਸਥਾਨ ਵਿਚ 150 ਫੁੱਟ ਡੂੰਘੇ ਬੋਰਵੈੱਲ 'ਚ ਡਿੱਗੀ 3 ਸਾਲਾ ਬੱਚੀ, ਬਚਾਅ ਕਾਰਜ ਜਾਰੀ



ਜੈਪੁਰ, 23 ਦਸੰਬਰ (ਪੋਸਟ ਬਿਊਰੋ): ਸੋਮਵਾਰ ਸਵੇਰੇ ਇੱਕ ਬੱਚੀ ਬੋਰਵੈੱਲ 'ਚ ਡਿੱਗ ਗਈ। ਬੱਚੀ ਨੂੰ ਸੁਰੱਖਿਅਤ ਕੱਢਣ ਦੀ ਕੋਸ਼ਿਸ਼ ਜਾਰੀ ਹੈ। ਇਹ ਘਟਨਾ ਰਾਜਸਥਾਨ ਦੇ ਕੋਟਪੂਤਲੀ ਜ਼ਿਲ੍ਹੇ ਦੀ ਹੈ। ਥਾਣਾ ਅਧਿਕਾਰੀ ਮੁਹੰਮਦ ਇਮਰਾਨ ਨੇ ਦੱਸਿਆ ਕਿ ਕਿਤਰਪੁਰਾ ਇਲਾਕੇ 'ਚ ਭੂਪੇਂਦਰ ਚੌਧਰੀ ਨਾਮੀ ਵਿਅਕਤੀ ਦੇ ਖੇਤ 'ਚ ਉਸ ਦੀ ਸਾਢੇ ਤਿੰਨ ਸਾਲ ਦੀ ਬੱਚੀ ਚੇਤਨਾ ਫਿਸਲ ਕੇ ਬੋਰਵੈੱਲ 'ਚ ਡਿੱਗ ਗਈ। ਇਮਰਾਨ ਅਨੁਸਾਰ ਬੋਰਵੈੱਲ ਦੀ ਡੂੰਘਾਈ 150 ਫੁੱਟ ਹੈ ਅਤੇ ਬੱਚੀ ਨੂੰ ਸੁਰੱਖਿਅਤ ਕੱਢਣ ਲਈ ਕੋਸ਼ਿਸ਼ ਜਾਰੀ ਹੈ। ਉਨ੍ਹਾਂ ਦੱਸਿਆ ਕਿ ਬੋਰਵੈੱਲ ਖੁੱਲ੍ਹਾ ਪਿਆ ਸੀ ਅਤੇ ਉਸ ਦੇ ਅੰਦਰੋਂ ਬੱਚੀ ਦੇ ਰੋਣ ਦੀ ਆਵਾਜ਼ ਸੁਣਾਈ ਦੇ ਰਹੀ ਹੈ।

ਇਮਰਾਨ ਅਨੁਸਾਰ, ਰਾਜ ਆਫ਼ਤ ਪ੍ਰਬੰਧਨ ਫੋਰਸ ਅਤੇ ਰਾਸ਼ਟਰੀ ਆਫ਼ਤ ਰਿਸਪਾਂਸ ਫੋਰਸ ਦੀਆਂ ਟੀਮਾਂ ਮੌਕੇ 'ਤੇ ਪਹੁੰਚ ਰਹੀਆਂ ਹਨ। ਰਾਜਸਥਾਨ ਦੇ ਕੈਬਨਿਟ ਮੰਤਰੀ ਰਾਜਵਰਧਨ ਸਿੰਘ ਰਾਠੌੜ ਨੇ ਬੱਚੀ ਦੇ ਬੋਰਵੈੱਲ 'ਚ ਡਿੱਗਣ ਦੀ ਘਟਨਾ 'ਤੇ ਦੁੱਖ ਜਤਾਉਂਦੇ ਹੋਏ ਸੰਬੰਧਤ ਅਧਿਕਾਰੀਆਂ ਤੋਂ ਰਾਹਤ ਅਤੇ ਬਚਾਅ ਕੰਮਾਂ ਬਾਰੇ ਜਾਣਕਾਰੀ ਦਿੱਤੀ। ਰਾਠੌੜ ਨੇ 'ਐਕਸ' 'ਤੇ ਇਕ ਪੋਸਟ 'ਚ ਕਿਹਾ ਕਿ ਕੋਟਪੂਤਲੀ 'ਚ ਤਿੰਨ ਸਾਲ ਦੀ ਚੇਤਨਾ ਦੇ ਬੋਰਵੈੱਲ 'ਚ ਡਿੱਗਣ ਦੀ ਘਟਨਾ ਬੇਹੱਦ ਦੁਖਦ ਹੈ। ਸੰਬੰਧਤ ਅਧਿਕਾਰੀਆਂ ਤੋਂ ਬੱਚੀ ਦੇ ਸਫ਼ਲ ਬਚਾਅ ਲਈ ਗੱਲਬਾਤ ਕੀਤੀ। ਪਰਮਾਤਮਾ ਤੋਂ ਉਸ ਦੀ ਸਹੀ ਸਲਾਮਤ ਵਾਪਸੀ ਦੀ ਪ੍ਰਾਰਥਨਾ ਕੀਤੀ।

## ਕ੍ਰਿਸਮਸ ਤੋਂ ਪਹਿਲਾਂ ਓਟਵਾ ਵਿੱਚ 15 ਸੈਂਟੀਮੀਟਰ ਤੱਕ ਬਰਫਬਾਰੀ ਦੀ ਸੰਭਾਵਨਾ



ਓਟਵਾ, 23 ਦਸੰਬਰ (ਪੋਸਟ ਬਿਊਰੋ): ਓਟਵਾ ਵਿੱਚ ਸਰਦੀਆਂ ਦੇ ਮੌਸਮ ਲਈ ਸਫ਼ਰ ਸਬੰਧੀ ਐਡਵਾਇਜ਼ਰੀ ਜਾਰੀ ਹੈ, ਜਿਸ ਵਿੱਚ ਕ੍ਰਿਸਮਸ ਤੋਂ ਠੀਕ ਪਹਿਲਾਂ 15 ਸੈਂਟੀਮੀਟਰ ਤੱਕ ਬਰਫਬਾਰੀ ਦੀ ਸੰਭਾਵਨਾ ਜਤਾਈ ਗਈ ਹੈ।

ਸੋਮਵਾਰ ਤੋਂ ਮੰਗਲਵਾਰ ਤੱਕ 10 ਤੋਂ 15 ਸੈਂਟੀਮੀਟਰ ਤੱਕ ਬਰਫਬਾਰੀ ਹੋਣ ਦੇ ਨਾਲ ਹੀ ਵ੍ਹਾਈਟ ਕ੍ਰਿਸਮਸ ਦੀ ਸੰਭਾਵਨਾ ਲਗਭਗ ਤੈਅ ਹੈ। ਇਨਵਾਇਰਨਮੈਂਟ ਕੈਨੇਡਾ ਅਨੁਸਾਰ, ਵ੍ਹਾਈਟ ਕ੍ਰਿਸਮਸ ਦਾ ਮਤਲੱਬ ਕ੍ਰਿਸਮਸ ਦੇ ਦਿਨ ਸਵੇਰੇ 7 ਵਜੇ ਜ਼ਮੀਨ 'ਤੇ ਘੱਟ ਤੋਂ ਘੱਟ 2 ਸੈਂਟੀਮੀਟਰ ਬਰਫਬਾਰੀ ਹੋਣਾ ਹੈ।

ਪੂਰਵਾਨੁਮਾਨ ਅਨੁਸਾਰ ਅੱਜ ਦੁਪਹਿਰ ਪੂਰਵੀ ਓਂਟਾਰੀਓ ਵਿੱਚ ਬਰਫਬਾਰੀ ਹੋਵੇਗੀ, ਜੋ ਅੱਜ ਸ਼ਾਮ ਤੋਂ ਲੈ ਕੇ ਅੱਜ ਰਾਤ ਤੱਕ ਕਈ ਵਾਰ ਭਾਰੀ ਹੋ ਸਕਦੀ ਹੈ। ਅੱਜ ਰਾਤ ਬਰਫਬਾਰੀ ਘੱਟ ਹੋ ਕੇ ਹੱਲਕੀ ਬੂੰਦਾਬਾਂਦੀ ਵਿੱਚ ਬਦਲ ਜਾਵੇਗੀ, ਜਿਸ ਨਾਲ ਬਰਫ ਜੰਮਣ ਦਾ ਖ਼ਤਰਾ ਹੈ।

ਇਨਵਾਇਰਨਮੈਂਟ ਕੈਨੇਡਾ ਨੇ ਚਿਤਾਵਨੀ ਦਿੱਤੀ ਹੈ ਕਿ ਮੋਟਰ ਚਾਲਕਾਂ ਨੂੰ ਸਰਦੀਆਂ ਵਿੱਚ ਖਤਰਨਾਕ ਡਰਾਈਵਿੰਗ ਹਾਲਾਤਾਂ ਦਾ ਸਾਹਮਣਾ ਕਰਨਾ ਪੈ ਸਕਦਾ ਹੈ ਅਤੇ ਸਫ਼ਰ ਦੀ ਯੋਜਨਾ ਨੂੰ ਉਸੇ ਦੇ ਅਨੁਸਾਰ ਬਣਾਉਣਾ ਚਾਹੀਦਾ ਹੈ। ਬਰਫ ਜੰਮਣ ਕਾਰਨ ਰਾਜ ਮਾਰਗ, ਸੜਕਾਂ, ਪੈਦਲ ਰਸਤਾ ਅਤੇ ਪਾਰਕਿੰਗ ਥਾਂ ਵਰਗੀ ਸਤ੍ਹਾ 'ਤੇ ਚੱਲਣਾ ਮੁਸ਼ਕਿਲ ਹੋ ਸਕਦਾ ਹੈ। ਭਾਰੀ ਬਰਫਬਾਰੀ ਕਾਰਨ ਕਈ ਵਾਰ ਵਿਜ਼ਿਬਿਲਟੀ ਅਚਾਨਕ ਘੱਟ ਹੋ ਸਕਦੀ ਹੈ। ਓਟਵਾ ਵਿੱਚ ਵੱਧ ਤੋਂ ਵੱਧ ਤਾਪਮਾਨ -10 ਡਿਗਰੀ ਸੈਲਸੀਅਸ ਅਤੇ ਹਵਾ ਦਾ ਤਾਪਮਾਨ -19 ਡਿਗਰੀ ਸੈਲਸੀਅਸ ਰਹਿਣ ਦੀ ਸੰਭਾਵਨਾ ਹੈ। ਰਾਤ ਵਿੱਚ ਤਾਪਮਾਨ -10 ਡਿਗਰੀ ਸੈਲਸੀਅਸ ਅਤੇ ਹਵਾ ਦਾ ਤਾਪਮਾਨ -15 ਡਿਗਰੀ ਸੈਲਸੀਅਸ ਰਹਿਣ ਦੀ ਉਮੀਦ ਹੈ। ਮੰਗਲਵਾਰ ਨੂੰ ਬੱਦਲ ਛਾਏ ਰਹਿਣ ਦਾ ਅਨੁਮਾਨ ਹੈ, ਸਵੇਰੇ ਹੱਲਕੀ ਬਰਫਬਾਰੀ ਅਤੇ ਬੂੰਦਾਬਾਂਦੀ ਦੀ ਸੰਭਾਵਨਾ ਹੈ। ਦੁਪਹਿਰ ਦਾ ਵੱਧ ਤੋਂ ਵੱਧ ਤਾਪਮਾਨ -7 ਡਿਗਰੀ ਸੈਲਸੀਅਸ ਰਹਿਣ ਦਾ ਅਨੁਮਾਨ ਹੈ। ਕ੍ਰਿਸਮਸ ਵਾਲੇ ਦਿਨ ਧੁੱਪ ਖਿੜੀ ਰਹੇਗੀ ਅਤੇ ਵੱਧ ਤੋਂ ਵੱਧ ਤਾਪਮਾਨ -6 ਡਿਗਰੀ ਸੈਲਸੀਅਸ ਰਹਿਣ ਦੀ ਉਮੀਦ ਹੈ।

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
- ਪਾਵਰ ਆਫ ਸੇਲ ਨੋਟਿਸ ?
- ਗਾਰਨਿਸ਼ਮੈਂਟ?
- ਬੈਂਕ ਵਲੋਂ ਪੈਸੇ ਦੀ ਮੰਗ ?
- ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?

ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available
1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroverCPA Professional Corporation
214-7895 Tranmere Drive, Mississauga ON L5S 1V9

Royal Pest Control
Residential Commercial Industrial
Specialist in Bedbugs Service
All Pest Control :
- Mouse & Rats
- Cockroaches
- Spiders & Fleas
- Carpenter Ants
- Bedbugs
- Silver Fish
- Wasps
- Racoons
Call : PARESH PATEL
(Government Approved Licensed Technician)
416 938 4598

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4
Aman Sharma
Open Saturday
Providing excellent quality legal services to our clients

Allseas Fisheries Inc. is Hiring!
DZ licensed delivery drivers needed.
Pay is $24/hour. Full time, permanent
Should work any day of the week, including weekends.
If interested, please forward resume to rgidda@allseas.net

MagGas Medical Brampton
MGM
MAGGAS MEDICAL INC.
Helping you breathe deep and rest easy.
- CPAP ਮਸ਼ੀਨਾਂ, ਮਾਸਕ ਅਤੇ ਸਪਲਾਈ
- ਮੁਫ਼ਤ ਸਲਾਹ
- ਓਨਟਾਰੀਓ ਡਿਸਏਬਿਲਟੀ ਸਪੋਰਟ ਪ੍ਰੋਗਰਾਮ ਲਈ
- ਓਨਟਾਰੀਓ ਵਰਕਸ ਲਈ ਮੁਫ਼ਤ
- ਮੁਫ਼ਤ ਡਿਲੀਵਰੀ
(647) 954-9885
20 Maritime Ont Blvd
Unit 15
Brampton, ON L6S 0C2

ਨਵਾਂ ਘਾਹ ਲਵਾਉ
647-784-1213
www.aaalandscaping.ca
1 ਪੁਰਾਣਾ ਘਾਹ ਹਟਾਉ ਅਤੇ ਨਵਾਂ ਲਵਾਉ
2 ਏਰੀਆ ਨੂੰ ਲੇਵਲ ਕਰਨਾ ਅਤੇ ਮਿੱਟੀ ਰਲਾਉਣੀ
3 ਨਵਾਂ ਘਾਹ ਲਵਾਉ
4 ਆਪਣੇ ਨਵੇਂ ਅਤੇ ਸੋਹਣੇ ਘਾਹ ਨੂੰ ਦੇਖੋ

ਆਓ ਸੱਤ ਸਮੁੰਦਰੋਂ ਪਾਰ ਵਾਲਿਆਂ ਦਾ ਵੀ ਸੋਚੀਏ
Super Visa
- How your spouse can join you within 4-6 months
- How your parents can join you
- How students & skilled people can come to Canada
- How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
MEMBER iccrc
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

SherGill Law Firm
Barrister, Solicitor & Notary Public
Services:
- Real Estate
- Residential, Commercial & Franchise
- Criminal Law
- Family Law
- Affidavit, Power Of Attorney & Notarization
- Immigration Matters
Paramjit Singh Gill
(MBA,LL.B.)
Tel: 905-790-3636
2565 Steeles Ave E Unit #20, Brampton, ON L6T 4L6
Emergency Contact:
416.910.5676
www.shergilllawfirm.ca

# ਸੀਰੀਆ ਦੇ ਸਾਬਕਾ ਰਾਸ਼ਟਰਪਤੀ ਅਸਦ ਦੀ ਪਤਨੀ ਨੇ ਤਲਾਕ ਲਈ ਦਿੱਤੀ ਅਰਜ਼ੀ



ਮਾਸਕੋ, 23 ਦਸੰਬਰ (ਪੋਸਟ ਬਿਊਰੋ): ਸੀਰੀਆ ਦੇ ਸਾਬਕਾ ਰਾਸ਼ਟਰਪਤੀ ਬਸ਼ਰ ਅਲ-ਅਸਦ ਦੀ ਪਤਨੀ ਅਸਮਾ ਅਲ-ਅਸਦ ਨੇ ਤਲਾਕ ਲਈ ਅਰਜ਼ੀ ਦਾਇਰ ਕੀਤੀ ਹੈ। ਇਜ਼ਰਾਇਲੀ ਅਖਬਾਰ ਯੇਰੂਸ਼ਲਮ ਪੋਸਟ ਮੁਤਾਬਕ ਸੀਰੀਆ 'ਚ ਸੱਤਾ ਤੋਂ ਬੇਦਖਲ ਕੀਤੇ ਗਏ ਅਸਦ ਦੀ ਪਤਨੀ ਅਸਮਾ ਰੂਸ 'ਚ ਰਹਿ ਕੇ ਖੁਸ਼ ਨਹੀਂ ਹੈ। ਉਹ ਬ੍ਰਿਟੇਨ ਜਾਣ ਦੀ ਯੋਜਨਾ ਬਣਾ ਰਹੀ ਹੈ। ਅਸਮਾ ਨੇ ਦੇਸ਼ ਛੱਡਣ ਲਈ ਰੂਸੀ ਅਦਾਲਤ ਵਿੱਚ ਵੀ ਅਰਜ਼ੀ ਦਿੱਤੀ ਹੈ।

ਅਸਮਾ ਨੇ ਦਸੰਬਰ 2000 ਵਿੱਚ ਅਸਦ ਨਾਲ ਵਿਆਹ ਕੀਤਾ ਸੀ। ਉਨ੍ਹਾਂ ਕੋਲ ਬ੍ਰਿਟੇਨ ਅਤੇ ਸੀਰੀਆ ਦੀ ਦੋਹਰੀ ਨਾਗਰਿਕਤਾ ਹੈ। ਅਸਮਾ ਦਾ ਜਨਮ ਲੰਡਨ ਵਿੱਚ 1975 ਵਿੱਚ ਸੀਰੀਆਈ ਮਾਪਿਆਂ ਦੇ ਘਰ ਹੋਇਆ ਸੀ। ਅਸਮਾ ਨੇ ਕਿੰਗਜ਼ ਕਾਲਜ, ਲੰਡਨ ਤੋਂ ਕੰਪਿਊਟਰ ਸਾਇੰਸ ਅਤੇ ਫਰਾਂਸੀਸੀ ਸਾਹਿਤ ਵਿੱਚ ਡਿਗਰੀ ਹਾਸਿਲ ਕੀਤੀ ਹੈ।

ਅਸਮਾ ਅਤੇ ਅਸਦ ਦੇ ਤਿੰਨ ਬੱਚੇ ਹਨ, ਜਿਨ੍ਹਾਂ ਦਾ ਨਾਂ ਹਾਫਿਜ਼, ਜੀਨ ਅਤੇ ਕਰੀਮ ਹੈ। ਉਹ ਆਪਣੇ ਬੱਚਿਆਂ ਨਾਲ ਲੰਡਨ ਵਿੱਚ ਰਹਿਣ ਦੀ ਯੋਜਨਾ ਬਣਾ ਰਹੀ ਹੈ। ਬਸ਼ਰ ਅਲ-ਅਸਦ ਨੇ 8 ਦਸੰਬਰ ਨੂੰ ਸੀਰੀਆ ਦੀ ਰਾਜਧਾਨੀ ਦਮਿਸ਼ਕ 'ਤੇ ਬਾਗੀ ਲੜਾਕਿਆਂ ਦੇ ਕਬਜ਼ੇ ਤੋਂ ਬਾਅਦ ਦੇਸ਼ ਛੱਡ ਕੇ ਆਪਣੇ ਪਰਿਵਾਰ ਨਾਲ ਰੂਸ ਵਿਚ ਸ਼ਰਨ ਲਈ ਸੀ।

ਯੇਰੂਸ਼ਲਮ ਪੋਸਟ ਮੁਤਾਬਕ ਬਸ਼ਰ ਅਲ-ਅਸਦ ਅਤੇ ਉਨ੍ਹਾਂ ਦਾ ਪਰਿਵਾਰ ਮਾਸਕੋ 'ਚ ਰਹਿ ਰਿਹਾ ਹੈ। ਰੂਸ ਨੇ ਉਨ੍ਹਾਂ ਨੂੰ ਸ਼ਰਨ ਦਿੱਤੀ ਹੈ, ਪਰ ਉਨ੍ਹਾਂ ਨੂੰ ਸਖ਼ਤ ਪਾਬੰਦੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਅਸਦ ਨੂੰ ਮਾਸਕੋ ਛੱਡਣ ਜਾਂ ਕਿਸੇ ਵੀ ਰਾਜਨੀਤਿਕ ਗਤੀਵਿਧੀ ਵਿੱਚ ਸ਼ਾਮਿਲ ਹੋਣ 'ਤੇ ਰੋਕ ਹੈ।

ਰਿਪੋਰਟਾਂ ਮੁਤਾਬਕ ਰੂਸੀ ਅਧਿਕਾਰੀਆਂ ਨੇ ਅਸਦ ਦੀ ਜਾਇਦਾਦ ਵੀ ਜ਼ਬਤ ਕਰ ਲਈ ਹੈ। ਇਸ ਵਿੱਚ 270 ਕਿਲੋ ਸੋਨਾ, 2 ਬਿਲੀਅਨ ਡਾਲਰ ਨਕਦ ਅਤੇ ਮਾਸਕੋ ਵਿੱਚ 18 ਅਪਾਰਟਮੈਂਟ ਸ਼ਾਮਿਲ ਹਨ। ਤੁਰਕੀ ਮੀਡੀਆ ਦੀਆਂ ਰਿਪੋਰਟਾਂ ਮੁਤਾਬਕ ਅਸਦ ਵੀ ਰੂਸ ਛੱਡ ਕੇ ਬ੍ਰਿਟੇਨ ਜਾਣ ਦੀ ਯੋਜਨਾ ਬਣਾ ਰਹੇ ਹਨ।

# ਅਮਰੀਕਾ 'ਚ ਮੈਟਰੋ 'ਚ ਸਾੜ ਕੇ ਔਰਤ ਦਾ ਕਤਲ, ਮੁਲਜ਼ਮ ਨੇ ਕੱਪੜਿਆਂ ਨੂੰ ਲਾਈ ਅੱਗ

ਨਿਊਯਾਰਕ, 22 ਦਸੰਬਰ (ਪੋਸਟ ਬਿਊਰੋ): ਅਮਰੀਕਾ ਦੇ ਨਿਊਯਾਰਕ ਸ਼ਹਿਰ 'ਚ ਐਤਵਾਰ ਨੂੰ ਸਬਵੇਅ 'ਚ ਇਕ ਔਰਤ ਨੂੰ ਅੱਗ ਲਾ ਕੇ ਕਤਲ ਕਰ ਦਿੱਤਾ ਗਿਆ। ਪੁਲਸ ਨੇ ਕਤਲ ਦੇ ਇਕ ਦੋਸ਼ੀ ਨੂੰ ਗ੍ਰਿਫ਼ਤਾਰ ਕਰ ਲਿਆ ਹੈ। ਨਿਊਯਾਰਕ ਪੁਲਿਸ ਅਨੁਸਾਰ, ਦੋਸ਼ੀ ਸਵੇਰੇ ਸਾਢੇ ਸੱਤ ਵਜੇ ਦੇ ਕਰੀਬ ਸਬਵੇਅ ਵਿੱਚ ਔਰਤ ਕੋਲ ਪਹੁੰਚਿਆ ਅਤੇ ਸਟੇਸ਼ਨ 'ਤੇ ਉਤਰਨ ਤੋਂ ਪਹਿਲਾਂ ਸਬਵੇਅ ਨੂੰ ਅੱਗ ਲਗਾ ਦਿੱਤੀ। ਅੱਗ 'ਚ ਝੁਲਸਣ ਕਾਰਨ ਔਰਤ ਦੀ ਮੌਤ ਹੋ ਗਈ।

ਨਿਊਯਾਰਕ ਪੁਲਿਸ ਕਮਿਸ਼ਨਰ ਜੈਸਿਕਾ ਟਿਸ਼ ਨੇ ਦੱਸਿਆ ਕਿ ਮੁਲਜ਼ਮ ਨੇ ਔਰਤ ਦੀ ਸਫ਼ੈਦ ਡਰੈੱਸ ਨੂੰ ਲਾਈਟਰ ਨਾਲ ਅੱਗ ਲਗਾ ਦਿੱਤੀ ਸੀ। ਅੱਗ ਲੱਗਣ ਕਾਰਨ ਕੱਪੜਾ ਕੁਝ ਹੀ ਸਕਿੰਟਾਂ ਵਿੱਚ ਸੜ ਕੇ ਸੁਵਾਹ ਹੋ ਗਿਆ। ਇਸ ਤੋਂ ਬਾਅਦ ਅੱਗ ਔਰਤ ਦੇ ਹੋਰ ਕੱਪੜਿਆਂ ਵਿੱਚ ਫੈਲ ਗਈ।

ਪੀੜਤ ਔਰਤ ਦੀ ਹਾਲੇ ਤੱਕ ਪਛਾਣ ਨਹੀਂ ਹੋ ਸਕੀ ਹੈ। ਅੱਗ ਲਗਾਉਣ ਤੋਂ ਬਾਅਦ ਮੁਲਜ਼ਮ ਮੈਟਰੋ ਤੋਂ ਉਤਰ ਕੇ ਸਟੇਸ਼ਨ 'ਤੇ ਬੈਠ ਗਿਆ। ਪਲੇਟਫਾਰਮ 'ਤੇ ਬੈਠਾ ਉਹ ਔਰਤ ਨੂੰ ਸੜਦਾ ਦੇਖ ਰਿਹਾ ਸੀ।



ਟਿਸ਼ ਨੇ ਕਿਹਾ ਕਿ ਮੈਟਰੋ ਸਟੇਸ਼ਨ 'ਤੇ ਗਸ਼ਤ ਕਰ ਰਹੇ ਪੁਲਿਸ ਅਧਿਕਾਰੀਆਂ ਨੇ ਟਰੇਨ 'ਚੋਂ ਧੂੰਆਂ ਨਿਕਲਦਾ ਦੇਖਿਆ ਅਤੇ ਬਦਬੂ ਆਈ। ਇਸ ਤੋਂ ਬਾਅਦ ਉਹ ਮੌਕੇ 'ਤੇ ਪਹੁੰਚੇ ਅਤੇ ਦੇਖਿਆ ਕਿ ਪੀੜਤ ਨੂੰ ਅੱਗ ਲੱਗੀ ਹੋਈ ਸੀ। ਇਸ ਤੋਂ ਬਾਅਦ ਅਧਿਕਾਰੀਆਂ ਨੇ ਅੱਗ ਬੁਝਾਈ।

ਮੌਕੇ 'ਤੇ ਪਹੁੰਚੇ ਐਮਰਜੈਂਸੀ ਸਰਵਿਸ ਦੇ ਕਰਮਚਾਰੀਆਂ ਨੇ ਜਾਂਚ ਤੋਂ ਬਾਅਦ ਔਰਤ ਨੂੰ ਮ੍ਰਿਤਕ ਐਲਾਨ ਦਿੱਤਾ। ਪੁਲਸ ਨੇ ਸ਼ੁਰੂਆਤੀ ਬਿਆਨ 'ਚ ਕਿਹਾ ਕਿ ਘਟਨਾ ਦੇ ਸਮੇਂ ਔਰਤ ਸੌਂ ਰਹੀ ਸੀ। ਅੱਗ ਲਾਉਣ ਤੋਂ ਪਹਿਲਾਂ ਮੁਲਜ਼ਮ ਅਤੇ ਔਰਤ ਵਿਚਾਲੇ ਕੋਈ ਗੱਲਬਾਤ ਨਹੀਂ ਹੋਈ ਸੀ। ਪੁਲਿਸ ਮੁਤਾਬਕ ਦੋਵੇਂ ਇੱਕ ਦੂਜੇ ਨੂੰ ਨਹੀਂ ਜਾਣਦੇ ਸਨ।

# ਮਸਕ ਅਮਰੀਕਾ ਦੇ ਰਾਸ਼ਟਰਪਤੀ ਨਹੀਂ ਬਣ ਸਕਦੇ : ਟਰੰਪ

## ਕਿਹਾ-ਸੰਵਿਧਾਨ ਨੇ ਉਨ੍ਹਾਂ ਨੂੰ ਅਜਿਹਾ ਕਰਨ ਤੋਂ ਰੋਕਿਆ



ਵਾਸ਼ਿੰਗਟਨ, 23 ਦਸੰਬਰ (ਪੋਸਟ ਬਿਊਰੋ): ਡੋਨਾਲਡ ਟਰੰਪ ਦੇ ਰਾਸ਼ਟਰਪਤੀ ਚੋਣ ਜਿੱਤਣ ਤੋਂ ਬਾਅਦ ਵਿਰੋਧੀ ਧਿਰ ਦੇ ਨੇਤਾ ਦੋਸ਼ ਲਗਾ ਰਹੇ ਹਨ ਕਿ ਇਸ ਸਰਕਾਰ ਵਿੱਚ ਰਾਸ਼ਟਰਪਤੀ ਦੀ ਅਸਲੀ ਤਾਕਤ ਐਲਨ ਮਸਕ ਕੋਲ ਹੋਵੇਗੀ। ਕੁਝ ਲੋਕਾਂ ਦਾ ਇਹ ਵੀ ਕਹਿਣਾ ਹੈ ਕਿ ਆਉਣ ਵਾਲੇ ਸਮੇਂ ਵਿੱਚ ਮਸਕ ਅਮਰੀਕਾ ਦੇ ਰਾਸ਼ਟਰਪਤੀ ਬਣ ਸਕਦੇ ਹਨ। ਟਰੰਪ ਨੇ ਅਜਿਹੀਆਂ ਸਾਰੀਆਂ ਅਟਕਲਾਂ ਨੂੰ ਖਾਰਜ ਕਰ ਦਿੱਤਾ ਹੈ। ਟਰੰਪ ਦਾ ਕਹਿਣਾ ਹੈ ਕਿ ਐਲਨ ਮਸਕ ਕਦੇ ਵੀ ਅਮਰੀਕਾ ਦੇ ਰਾਸ਼ਟਰਪਤੀ ਨਹੀਂ ਬਣ ਸਕਦੇ।

ਟਰੰਪ ਨੇ ਐਤਵਾਰ ਨੂੰ ਐਰੀਜ਼ੋਨਾ ਵਿੱਚ ਇੱਕ ਸਮਾਗਮ ਵਿੱਚ ਕਿਹਾ ਕਿ ਮੈਂ ਤੁਹਾਨੂੰ ਦੱਸ ਸਕਦਾ ਹਾਂ ਕਿ ਮਸਕ ਰਾਸ਼ਟਰਪਤੀ ਨਹੀਂ ਬਣਨ ਜਾ ਰਹੇ। ਉਹ ਦੱਖਣੀ ਅਫਰੀਕਾ ਵਿੱਚ ਪੈਦਾ ਹੋਏ ਹਨ। ਉਹ ਇਸ ਦੇਸ਼ ਵਿੱਚ ਪੈਦਾ ਨਹੀਂ ਹੋਏ।

ਅਲ ਜਜ਼ੀਰਾ ਮੁਤਾਬਕ ਟਰੰਪ ਨੇ ਮਸਕ ਦੀ ਤਾਰੀਫ ਕਰਦੇ ਹੋਏ ਕਿਹਾ ਕਿ ਉਨ੍ਹਾਂ ਦੇ ਸਿਆਸੀ ਵਿਰੋਧੀ ਲਗਾਤਾਰ ਇਹ ਝੂਠ ਫੈਲਾ ਰਹੇ ਹਨ ਕਿ ਇਸ ਸਰਕਾਰ 'ਚ ਰਾਸ਼ਟਰਪਤੀ ਦੀ ਅਸਲੀ ਤਾਕਤ ਐਲਨ ਮਸਕ ਕੋਲ ਹੋਵੇਗੀ। ਮਸਕ ਦੇ ਅਧਿਕਾਰਤ ਤੌਰ 'ਤੇ ਰਾਸ਼ਟਰਪਤੀ ਬਣਨ ਦਾ ਕੋਈ ਖ਼ਤਰਾ ਨਹੀਂ ਹੈ, ਕਿਉਂਕਿ ਸੰਵਿਧਾਨ ਉਨ੍ਹਾਂ ਨੂੰ ਅਜਿਹਾ ਕਰਨ ਤੋਂ ਰੋਕਦਾ ਹੈ।

ਅਮਰੀਕਾ ਦੇ ਸੰਵਿਧਾਨ ਮੁਤਾਬਕ ਅਮਰੀਕਾ ਵਿੱਚ ਪੈਦਾ ਹੋਇਆ ਅਮਰੀਕੀ ਨਾਗਰਿਕ ਹੀ ਦੇਸ਼ ਦਾ ਰਾਸ਼ਟਰਪਤੀ ਬਣ ਸਕਦਾ ਹੈ।

TechSpirit
Consultation, Installation & Servicing
Specialized in:
• Analog & IP security cameras • Installation & Maintenance, Upgrade • Video Doorbell Installation
Call: 905-621-4100
7-8770 The Gore Road, Brampton, ON L6P 0B1
1080p HD ਦੇ 4 ਸਿਕਊਰਟੀ ਕੈਮਰੇ ਸਿਰਫ $999 ਵਿੱਚ ਲਗਵਾਓ

ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post

# CLASSIFIEDS

Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ
ਕਾਲ ਕਰੋ: 905-793-2202

## ਲੜਕੀ ਦੀ ਲੋੜ

Well Settled Ramgarhia Family in Winnipeg looking for a suitable match for their son,34 years old,5-10"tall, cleanshave, Canadian Citizen. Call at 204-510-7658 for more info.

ਰਾਮਗੜ੍ਹੀਆ ਸਿੱਖ ਲੜਕਾ, 26 ਸਾਲ, 5ਫੁੱਟ, 9ਇੰਚ, ਵਰਕ ਪਰਮਿਟ, ਟਰੱਕ ਡਰਾਈਵਰ, ਨਾਨਡ੍ਰਿੰਕਿੰਗ ਲਈ, ਪੀ.ਆਰ./ਸਿਟੀਜ਼ਨ ਲੜਕੀ ਦੀ ਲੋੜ। ਸੰਪਰਕ: sukh25125@gmail.com ਜਾਂ ਵਟਸਐਪ +16723355016, ਕੋਈ ਜਾਤੀ ਬੰਧਨ ਨਹੀਂ। ਮੈਰਿਜ ਬਿਊਰੋ ਵਾਲੇ ਮੁਆਫ ਕਰਨ।

ਲੁਬਾਣਾ ਸਿੱਖ, 1989 ਕਲੀਨਸ਼ੇਵ, ਗੋਰਾ ਰੰਗ, ਕੱਦ 5'8, ਕੈਨੇਡਾ ਵਿੱਚ ਸਥਾਈ ਨਿਵਾਸੀ (**Italian citizen**) ਲਈ ਖੂਬਸੂਰਤ ਅਤੇ ਪੜ੍ਹੀ ਲਿਖੀ ਲੜਕੀ ਦੀ ਲੋੜ। ਸੰਪਰਕ- 647-449-6746 ਜਾਂ 250-793-0527

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ।ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਐਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

## ਲੜਕੇ ਦੀ ਲੋੜ

ਜੱਟ ਸਿੱਖ ਸਿੱਧੂ ਪਰਿਵਾਰ ਦੀ ਲੜਕੀ, 28 ਸਾਲ, 5'6", ਕੇਨੈਡਾ ਵਿੱਚ ਵਿਜਟਰ ਵੀਜ਼ੇ 'ਤੇ ਰਹਿ ਰਹੀ ਲੜਕੀ ਲਈ ਕੈਨੇਡੀਅਨ ਸਿਟੀਜਨ/ਪੀ.ਆਰ. ਜੱਟ ਸਿੱਖ ਲੜਕੇ ਦੀ ਜ਼ਰੂਰਤ। ਸੰਪਰਕ: 647-203-7573

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com

## ਲੜਕੇ ਦੀ ਲੋੜ

ਗਿੱਲ ਜੱਟ ਸਿੱਖ, 1992, ਇਕਲੌਤੀ, B.Tech. ਲੜਕੀ ਲਈ ਗੁਰਸਿੱਖ ਕੈਨੇਡੀਅਨ ਸੈਟਲਡ ਪਰਿਵਾਰ ਦੇ ਲੜਕੇ ਦੀ ਲੋੜ। ਸੰਪਰਕ: 9464034653, 2364582228

ਜੱਟ ਸਿੱਖ ਲੜਕੀ, ਉਮਰ 27 ਸਾਲ, ਕੱਦ 5 ਫੁੱਟ 4", ਬੀ.ਏ ਪਾਸ, ਹੇਅਰ ਐਂਡ ਸਕਿੱਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ 'ਤੇ ਕੇਨੈਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ: 9478403300

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11" ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜ਼ਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

Visions of Punjab
VISION ZOOMERTV
Airs Across Canada
Every Saturday
1:00 pm to 1:30 pm EST
10:00 am to 10:30 am PST
Mahal Entertainment Inc.
Cell:416-587-5520
Email: iqbalmahal46@gmail.com
Natasha Mahal Co-Host
Iqbal Mahal Producer & Host
Serving the South Asian Community Since 1976

You can Place Your Business Here (905)793-2202
To Reach Wider Audience
For more info Call 905-793-2202 or e-mail ads@punjabipost.ca

Allseas Fisheries Inc. is Hiring!
DZ licensed delivery drivers needed.
Pay is $24/hour. Full time, permanent
Should work any day of the week, including weekends.
If interested, please forward resume to **rgidda@allseas.net**

STARLANE PAINTING
Residential • Commercial • Industrial
• Hotel • Motel • Exterior • Interior • Spray Painting • Office Painting • Drywall Fixing
ਘਰ ਹੋਵੇ ਜਾਂ ਹੋਵੇ ਦੁਕਾਨ ਅਸੀ ਵਧਾਈਏ ਰੰਗਾਂ ਨਾਲ ਉਸ ਦੀ ਸ਼ਾਨ
7 Days A Week
Call For FREE Estimate
ਹਰ ਤਰ੍ਹਾਂ ਦੀ ਵਧੀਆਂ ਪੇਂਟਿੰਗ ਲਈ 20 ਸਾਲਾਂ ਤੋ ਵੀ ਵੱਧ ਤਜਰਬੇਕਾਰ ਹਰਜੀਤ ਨੂੰ ਕਾਲ ਕਰੋ
416.230.4000 • 647.409.1092
www.STARLANEPAINTING.com
ਹਰਜੀਤ ਧਨੋਆ

ਸੈਲ ਐਂਡ ਫਿਕਸ
ਟ੍ਰਕ ਡਰਾਇਵਰਾਂ ਤੇ ਸਟੂਡੈਂਟਾਂ ਲਈ ਧਮਾਕੇਦਾਰ ਤੇ ਸਸਤੇ ਫੋਨ ਪਲੈਨ।
ਫੋਨ: 905-790-9999
2565 Steeles Ave E unit 3, Brampton, ON L6T 4L6

# ਟਰੰਪ ਨੇ ਪਨਾਮਾ ਨਹਿਰ ਖੋਹਣ ਦੀ ਦਿੱਤੀ ਧਮਕੀ, ਚੀਨ ਦਾ ਪ੍ਰਭਾਵ ਵਧਾਉਣ ਦਾ ਦੋਸ਼

ਵਾਸ਼ਿੰਗਟਨ, 23 ਦਸੰਬਰ (ਪੋਸਟ ਬਿਊਰੋ): ਅਮਰੀਕਾ ਦੇ ਨਵੇਂ ਚੁਣੇ ਗਏ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਐਤਵਾਰ ਨੂੰ ਧਮਕੀ ਦਿੱਤੀ ਹੈ ਕਿ ਉਹ ਪਨਾਮਾ ਨਹਿਰ ਨੂੰ ਅਮਰੀਕਾ ਦੇ ਕਬਜ਼ੇ ਹੇਠ ਲੈ ਲੈਣਗੇ। ਇਹ ਨਹਿਰ ਉੱਤਰੀ ਅਮਰੀਕੀ ਦੇਸ਼ ਪਨਾਮਾ ਦਾ ਹਿੱਸਾ ਹੈ। ਇਸ ਨਹਿਰ 'ਤੇ ਅਮਰੀਕਾ ਦਾ 1999 ਤੱਕ ਕੰਟਰੋਲ ਸੀ।

ਟਰੰਪ ਨੇ ਕਿਹਾ ਕਿ ਪਨਾਮਾ ਇਸ ਨਹਿਰ ਦੀ ਵਰਤੋਂ ਕਰਨ ਲਈ ਅਮਰੀਕਾ ਤੋਂ ਵੱਧ ਖਰਚਾ ਲੈ ਰਿਹਾ ਹੈ। ਉਨ੍ਹਾਂ ਇਹ ਵੀ ਦੋਸ਼ ਲਾਇਆ ਕਿ ਚੀਨ ਨਹਿਰ ’ਤੇ ਆਪਣਾ ਪ੍ਰਭਾਵ ਵਧਾ ਰਿਹਾ ਹੈ। ਅਮਰੀਕੀ ਸੂਬੇ ਐਰੀਜ਼ੋਨਾ ਵਿੱਚ ਸਮਰਥਕਾਂ ਦੀ ਰੈਲੀ ਨੂੰ ਸੰਬੋਧਨ ਕਰਦਿਆਂ ਟਰੰਪ ਨੇ ਕਿਹਾ ਕਿ ਉਹ ਨਹਿਰ ਨੂੰ ਗਲਤ ਹੱਥਾਂ ਵਿੱਚ ਨਹੀਂ ਜਾਣ ਦੇਣਗੇ।

ਰੈਲੀ ਤੋਂ ਬਾਅਦ, ਟਰੰਪ ਨੇ ਆਪਣੇ ਸੋਸ਼ਲ ਮੀਡੀਆ ਅਕਾਊਂਟ 'ਤੇ ਏਆਈ



ਦੁਆਰਾ ਤਿਆਰ ਕੀਤੀ ਫੋਟੋ ਵੀ ਪੋਸਟ ਕੀਤੀ। ਇਸ ਤਸਵੀਰ ਵਿੱਚ ਅਮਰੀਕੀ ਝੰਡਾ ਪਨਾਮਾ ਨਹਿਰ ਦੇ ਵਿਚਕਾਰ ਲਟਕਦਾ ਨਜ਼ਰ ਆ ਰਿਹਾ ਹੈ। ਤਸਵੀਰ ਦੇ ਕੈਪਸ਼ਨ 'ਚ ਟਰੰਪ ਨੇ ਲਿਖਿਆ 'ਵੈਲਕਮ ਟੂ ਦ ਯੂਨਾਈਟਿਡ ਸਟੇਟਸ ਕੈਨਾਲ'। ਇਸਦਾ ਅਰਥ ਹੈ ਯੂਨਾਈਟਿਡ ਸਟੇਟਸ ਨਹਿਰ ਵਿੱਚ ਤੁਹਾਡਾ ਸੁਆਗਤ ਹੈ।

ਪਨਾਮਾ ਦੇ ਰਾਸ਼ਟਰਪਤੀ ਜੋਸ ਰਾਉਲ ਮੁਲੀਨੋ ਨੇ ਟਰੰਪ ਦੀ ਧਮਕੀ 'ਤੇ ਸਖ਼ਤ ਤਾੜਨਾ ਕੀਤੀ ਹੈ। ਮੁਲੀਨੋ ਨੇ ਐਤਵਾਰ ਨੂੰ ਇੱਕ ਰਿਕਾਰਡ ਕੀਤੇ ਸੰਦੇਸ਼ ਵਿੱਚ ਕਿਹਾ ਕਿ ਪਨਾਮਾ ਦੀ ਆਜ਼ਾਦੀ ਨਾਲ ਸਮਝੌਤਾ ਨਹੀਂ ਕੀਤਾ ਜਾਵੇਗਾ। ਉਨ੍ਹਾਂ ਟਰੰਪ ਦੇ ਦੋਸ਼ਾਂ ਨੂੰ ਰੱਦ ਕੀਤਾ ਅਤੇ ਨਹਿਰ 'ਤੇ ਚੀਨ ਦੇ ਪ੍ਰਭਾਵ ਤੋਂ ਇਨਕਾਰ ਕੀਤਾ।

ਮੁਲੀਨੋ ਨੇ ਕਿਹਾ ਕਿ ਪਨਾਮਾ ਨਹਿਰ ਦੇ ਕੈਰੇਬੀਅਨ ਅਤੇ ਪੈਸੀਫਿਕ ਪਾਸਿਆਂ 'ਤੇ ਦੋ ਬੰਦਰਗਾਹਾਂ ਦੇ ਗੇਟਾਂ ਦਾ ਪ੍ਰਬੰਧਨ ਸੀਕੇ ਹਚੀਸਨ ਹੋਲਡਿੰਗਜ਼ ਦੀ ਸਹਾਇਕ ਕੰਪਨੀ ਦੁਆਰਾ ਕੀਤਾ ਜਾਂਦਾ ਹੈ। ਇਹ ਕੰਪਨੀ ਹਾਂਗਕਾਂਗ ਵਿੱਚ ਸਥਿਤ ਹੈ, ਇਸ ’ਤੇ ਚੀਨ ਦਾ ਕੋਈ ਕੰਟਰੋਲ ਨਹੀਂ ਹੈ।

ਮੁਲੀਨੋ ਨੇ ਅੱਗੇ ਕਿਹਾ ਕਿ ਪਨਾਮਾ ਨਹਿਰ ਅਤੇ ਇਸ ਦੇ ਆਲੇ-ਦੁਆਲੇ ਦੀ ਹਰ ਇੰਚ ਜ਼ਮੀਨ ਪਨਾਮਾ ਦੀ ਹੈ ਅਤੇ ਇਹ ਭਵਿੱਖ ਵਿੱਚ ਵੀ ਪਨਾਮਾ ਦੀ ਹੀ ਰਹੇਗੀ। ਮੁਲੀਨੋ ਦੇ ਬਿਆਨ 'ਤੇ ਪ੍ਰਤੀਕਿਰਿਆ ਦਿੰਦੇ ਹੋਏ ਟਰੰਪ ਨੇ ਕਿਹਾ ਕਿ ਅਸੀਂ ਇਸ ਬਾਰੇ ਅੱਗੇ ਸੋਚਾਂਗੇ।

# ਕਤਲ ਦੇ 22 ਸਾਲਾ ਦੋਸ਼ੀ ਨੇ ਸੁਣਵਾਈ ਦੌਰਾਨ ਅਦਾਲਤ ਵਿਚ ਜੱਜ ’ਤੇ ਸੁੱਟੀ ਚੱਪਲ, ਮਾਮਲਾ ਦਰਜ

ਠਾਣੇ, 23 ਦਸੰਬਰ (ਪੋਸਟ ਬਿਊਰੋ): ਮਹਾਰਾਸ਼ਟਰ ਦੇ ਠਾਣੇ ਜ਼ਿਲ੍ਹੇ ਦੀ ਇਕ ਸੈਸ਼ਨ ਅਦਾਲਤ ਵਿਚ ਕਤਲ ਦੇ ਇਕ ਮਾਮਲੇ ਦੀ ਸੁਣਵਾਈ ਦੌਰਾਨ 22 ਸਾਲਾ ਦੋਸ਼ੀ ਨੇ ਜੱਜ 'ਤੇ ਚੱਪਲ ਸੁੱਟ ਦਿੱਤੀ। ਪੁਲਸ ਨੇ ਸੋਮਵਾਰ ਨੂੰ ਇਹ ਜਾਣਕਾਰੀ ਦਿੱਤੀ। ਪੁਲਸ ਨੇ ਦੱਸਿਆ ਕਿ ਚੱਪਲ ਜੱਜ ਨੂੰ ਨਹੀਂ ਲੱਗੀ ਅਤੇ ਉਹ ਮੇਜ਼ ਦੇ ਸਾਹਮਣੇ ਲੱਕੜ ਦੇ ਫਰੇਮ ਨਾਲ ਟਕਰਾ ਕੇ ਬੈਂਚ ਕਲਰਕ ਕੋਲ ਜਾ ਡਿੱਗੀ। ਇਹ ਘਟਨਾ ਸ਼ਨੀਵਾਰ ਦੁਪਹਿਰ ਕਲਿਆਣ ਟਾਊਨ ਕੋਰਟ 'ਚ ਵਾਪਰੀ ਅਤੇ ਇਸ ਤੋਂ ਬਾਅਦ ਦੋਸ਼ੀ ਖਿਲਾਫ ਐੱਫ.ਆਈ.ਆਰ. ਦਰਜ ਕੀਤੀ ਗਈ। ਮਹਾਤਮਾ ਫੂਲੇ ਥਾਣੇ ਦੇ ਇਕ ਅਧਿਕਾਰੀ ਨੇ ਦੱਸਿਆ ਕਿ ਮੁਲਜ਼ਮ ਕਿਰਨ ਸੰਤੋਸ਼ ਨੂੰ ਕਤਲ ਕੇਸ 'ਚ ਸੁਣਵਾਈ ਲਈ ਜ਼ਿਲ੍ਹਾ ਅਤੇ ਵਧੀਕ ਸੈਸ਼ਨ ਜੱਜ ਆਰਜੀ ਵਾਘਮਾਰੇ ਦੇ ਸਾਹਮਣੇ ਪੇਸ਼ ਕੀਤਾ ਗਿਆ।

ਅਧਿਕਾਰੀ ਨੇ ਦੱਸਿਆ ਕਿ ਉਸ ਸਮੇਂ ਮੁਲਜ਼ਮ ਨੇ ਜੱਜ ਨੂੰ ਆਪਣਾ ਕੇਸ ਕਿਸੇ ਹੋਰ ਅਦਾਲਤ 'ਚ ਤਬਦੀਲ ਕਰਨ ਦੀ ਬੇਨਤੀ ਕੀਤੀ। ਜੱਜ ਨੇ ਦੋਸ਼ੀ ਨੂੰ ਆਪਣੇ ਵਕੀਲ ਦੇ ਮਾਧਿਅਮ ਨਾਲ ਇਸ ਲਈ ਅਪੀਲ ਕਰਨ ਲਈ ਕਿਹਾ। ਉਨ੍ਹਾਂ ਦੱਸਿਆ ਕਿ ਇਸ ਤੋਂ ਬਾਅਦ ਦੋਸ਼ੀ ਦੇ ਵਕੀਲ ਦਾ ਨਾਂ ਪੁਕਾਰਿਆ ਗਿਆ ਪਰ ਉਹ ਮੌਜੂਦ ਨਹੀਂ ਸੀ ਅਤੇ ਅਦਾਲਤ 'ਚ ਪੇਸ਼ ਨਹੀਂ ਹੋਇਆ। ਅਧਿਕਾਰੀ ਨੇ ਦੱਸਿਆ ਕਿ ਦੋਸ਼ੀ ਨੂੰ ਕਿਸੇ ਹੋਰ ਵਕੀਲ ਦਾ ਨਾਂ ਦੱਸਣ ਲਈ ਕਿਹਾ ਗਿਆ, ਜੋ ਉਸ ਦੀ ਪੈਰਵੀ ਕਰ ਸਕੇ ਅਤੇ ਅਦਾਲਤ ਨੇ ਉਸ ਨੂੰ ਨਵੀਂ ਤਾਰੀਖ਼ ਦੇ ਦਿੱਤੀ। ਅਧਿਕਾਰੀ ਨੇ ਦੱਸਿਆ ਕਿ ਇਸ ਤੋਂ ਬਾਅਦ ਦੋਸ਼ੀ ਨੇ ਹੇਠਾਂ ਝੁਕ ਕੇ ਆਪਣੀ ਚੱਪਲ ਕੱਢੀ ਅਤੇ ਜੱਜ ਵੱਲ ਸੁੱਟ ਦਿੱਤੀ, ਜਿਸ ਨਾਲ ਅਦਾਲਤ 'ਚ ਮੌਜੂਦ ਸਾਰੇ ਲੋਕ ਹੈਰਾਨ ਰਹਿ ਗਏ। ਪੁਲਸ ਨੇ ਦੱਸਿਆ ਕਿ ਦੋਸ਼ੀ ਖਿਲਾਫ਼ ਭਾਰਤੀ ਨਿਆਂ ਸੰਹਿਤਾ ਦੀਆਂ ਧਾਰਾਵਾਂ 132 (ਲੋਕ ਸੇਵਕ ਨੂੰ ਉਸ ਦੇ ਕਰਤੱਵ ਨਿਭਾਉਣ ਤੋਂ ਰੋਕਣ ਲਈ ਹਮਲਾ ਕਰਨਾ ਜਾਂ ਅਪਰਾਧਕ ਫੋਰਸ ਦਾ ਪ੍ਰਯੋਗ) ਅਤੇ 125 (ਦੂਜਿਆਂ ਦੇ ਜੀਵਨ ਅਤੇ ਨਿੱਜੀ ਸੁਰੱਖਿਆ ਨੂੰ ਖ਼ਤਰੇ 'ਚ ਪਾਉਣ ਵਾਲਾ ਕੰਮ) ਦੇ ਅਧੀਨ ਐੱਫ.ਆਈ.ਆਰ. ਦਰਜ ਕੀਤੀ ਗਈ।

# ਦਿੱਲੀ ’ਚ ਮੁੱਖ ਮੰਤਰੀ ਆਤਿਸ਼ੀ ਵੱਲੋਂ ਮਹਿਲਾ ਸਨਮਾਨ ਯੋਜਨਾ ਦੀ ਸ਼ੁਰੂਆਤ

ਨਵੀਂ ਦਿੱਲੀ, 23 ਦਸੰਬਰ (ਪੋਸਟ ਬਿਊਰੋ): ਦਿੱਲੀ ਵਿਚ ਅੱਜ ਤੋਂ ਮਹਿਲਾ ਸਨਮਾਨ ਯੋਜਨਾ ਲਈ ਰਜਿਸਟ੍ਰੇਸ਼ਨ ਦੀ ਸ਼ੁਰੂਆਤ ਹੋ ਗਈ ਹੈ। ਇਸ ਦੀ ਸ਼ੁਰੂਆਤ ਦਿੱਲੀ ਦੀ ਮੁੱਖ ਮੰਤਰੀ ਆਤਿਸ਼ੀ ਨੇ ਆਪਣੇ ਆਪ ਨੂੰ ਰਜਿਸਟਰ ਕਰਵਾ ਕੇ ਕੀਤੀ ਹੈ। ਇਸ ਮੌਕੇ ‘ਆਪ’ ਆਗੂ ਦਿੱਲੀ ਦੇ ਕਿਦਵਈ ਨਗਰ ਪਹੁੰਚੇ ਸਨ। ਕੁਝ ਦਿਨ ਪਹਿਲਾਂ ਅਰਵਿੰਦ ਕੇਜਰੀਵਾਲ ਨੇ ਇਸ ਸਕੀਮ ਨੂੰ ਸ਼ੁਰੂ ਕਰਨ ਦਾ ਜ਼ਿਕਰ ਕੀਤਾ ਸੀ।



ਮੁੱਖ ਮੰਤਰੀ ਮਹਿਲਾ ਸਨਮਾਨ ਯੋਜਨਾ ਤਹਿਤ ਦਿੱਲੀ ਦੀਆਂ ਔਰਤਾਂ ਨੂੰ ਚੋਣਾਂ ਤੋਂ ਪਹਿਲਾਂ ਇੱਕ ਹਜ਼ਾਰ ਰੁਪਏ ਦਿੱਤੇ ਜਾਣਗੇ। ਹਾਲਾਂਕਿ ਚੋਣਾਂ ਤੋਂ ਬਾਅਦ ਇਹ ਰਕਮ ਵਧਾ ਕੇ 2100 ਰੁਪਏ ਕਰ ਦਿੱਤੀ ਜਾਵੇਗੀ। ਇਸ ਸਕੀਮ ਲਈ ਰਜਿਸਟ੍ਰੇਸ਼ਨ 23 ਦਸੰਬਰ ਤੋਂ ਸ਼ੁਰੂ ਹੋ ਗਈ ਹੈ। ਪਾਰਟੀ ਆਗੂ ਤੇ ਵਰਕਰ ਘਰ-ਘਰ ਜਾ ਕੇ ਔਰਤਾਂ ਦੀ ਰਜਿਸਟ੍ਰੇਸ਼ਨ ਕਰਨਗੇ।

ਦਿੱਲੀ ਦੇ ਸਾਬਕਾ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਦਾ ਕਹਿਣਾ ਸੀ ਕਿ ਇਸ ਸਕੀਮ ਦੇ ਐਲਾਨ ਤੋਂ ਬਾਅਦ ਲੋਕ ਫੋਨ ਕਰਕੇ ਪੁੱਛ ਰਹੇ ਹਨ ਕਿ ਰਜਿਸਟ੍ਰੇਸ਼ਨ ਕਦੋਂ ਸ਼ੁਰੂ ਹੋਵੇਗੀ। ਇਨ੍ਹਾਂ ਸਾਰਿਆਂ ਦਾ ਇੰਤਜ਼ਾਰ ਖਤਮ ਹੋਣ ਵਾਲਾ ਹੈ। ਰਜਿਸਟ੍ਰੇਸ਼ਨ ਪ੍ਰਕਿਰਿਆ ਸੋਮਵਾਰ ਤੋਂ ਸ਼ੁਰੂ ਹੋਵੇਗੀ। ਇਸ ਦੇ ਲਈ ਕਿਤੇ ਵੀ ਲਾਈਨ ’ਚ ਖੜ੍ਹਨ ਦੀ ਲੋੜ ਨਹੀਂ ਹੈ।

ਉਨ੍ਹਾਂ ਕਿਹਾ ਕਿ ਆਪ ਦੇ ਵਰਕਰ ਲੋਕਾਂ ਦੇ ਘਰ ਪਹੁੰਚਣਗੇ। ਇਸ ਲਈ ਪਾਰਟੀ ਨੇ ਦਿੱਲੀ ਦੇ ਹਰ ਖੇਤਰ ’ਚ ਵੱਡੀ ਗਿਣਤੀ ਵਿੱਚ ਟੀਮਾਂ ਤਾਇਨਾਤ ਕੀਤੀਆਂ ਹਨ। ਰਜਿਸਟਰਡ ਹੋਣ ਵਾਲਿਆਂ ਨੂੰ ਆਪਣਾ ਕਾਰਡ ਆਪਣੇ ਕੋਲ ਰੱਖਣਾ ਹੋਵੇਗਾ।

# ਖੜਗੇ ਨੇ ਕਿਹਾ- ਉਮੀਦ ਹੈ ਕਿ ਕਿਸਾਨਾਂ ਨਾਲ ਕੀਤੇ ਵਾਅਦਿਆਂ ਨੂੰ ਪੂਰਾ ਕਰੇਗੀ ਸਰਕਾਰ

ਨਵੀਂ ਦਿੱਲੀ, 23 ਦਸੰਬਰ (ਪੋਸਟ ਬਿਊਰੋ): ਕਾਂਗਰਸ ਪ੍ਰਧਾਨ ਮਲਿਕਾਰ-ਜੁਨ ਖੜਗੇ ਨੇ ਸੋਮਵਾਰ ਨੂੰ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਸਰਕਾਰ ਨੂੰ ਕਿਸਾਨਾਂ ਨਾਲ ਹੁਣ ਹੋਰ 'ਅਨਿਆਂ' ਨਹੀਂ ਕਰਨਾ ਚਾਹੀਦਾ ਅਤੇ ਉਨ੍ਹਾਂ ਨਾਲ ਕੀਤੇ ਵਾਅਦੇ ਪੂਰੇ ਕਰਨੇ ਚਾਹੀਦੇ ਹਨ। ਉਨ੍ਹਾਂ ਨੇ ਸਾਬਕਾ ਪ੍ਰਧਾਨ ਮੰਤਰੀ ਚੌਧਰੀ ਚਰਨ ਸਿੰਘ ਦੀ ਜਯੰਤੀ 'ਤੇ ਉਨ੍ਹਾਂ ਨੂੰ ਸ਼ਰਧਾਂਜਲੀ ਭੇਟ ਕੀਤੀ। ਖੜਗੇ ਨੇ ਐਕਸ 'ਤੇ ਪੋਸਟ ਕੀਤਾ ਕਿ ਕਿਸਾਨ ਹੀ ਹਿੰਦੁਸਤਾਨ ਹੈ, ਦੇਸ਼ ਦਾ ਮਾਣ ਹੈ। ਸਾਰੇ ਕਿਸਾਨ ਭੈਣ-ਭਰਾਵਾਂ ਨੂੰ ਖੇਤ-ਮਜ਼ਦੂਰਾਂ ਨੂੰ ਕਿਸਾਨ ਦਿਵਸ ਦੀਆਂ ਹਾਰਦਿਕ ਸ਼ੁੱਭਕਾਮਨਾਵਾਂ। ਦੇਸ਼ ਦੇ



ਕਿਸਾਨਾਂ ਲਈ ਸੰਘਰਸ਼ ਕਰਦੇ ਰਹੇ ਸਾਬਕਾ ਪ੍ਰਧਾਨ ਮੰਤਰੀ ਚੌਧਰੀ ਚਰਨ ਸਿੰਘ ਦੀ ਜਯੰਤੀ 'ਤੇ ਉਨ੍ਹਾਂ ਨੂੰ ਨਮਨ। ਉਨ੍ਹਾਂ ਕਿਹਾ ਕਿ ਉਮੀਦ ਹੈ ਕਿ ਮੋਦੀ ਸਰਕਾਰ ਆਪਣੀ ਜ਼ਿੱਦ ਅਤੇ ਕਿਸਾਨ ਵਿਰੋਧੀ ਨੀਤੀਆਂ ਨਾਲ ਸਾਡੇ ਅੰਨਦਾਤਾ ਕਿਸਾਨਾਂ ਪ੍ਰਤੀ ਹੋਰ ਅਨਿਆਂ ਨਾ ਕਰਨ ਅਤੇ ਆਪਣੇ ਪੁਰਾਣੇ ਵਾਅਦਿਆਂ 'ਤੇ ਅਮਲ ਕਰਨ।

# ਪੰਜਾਬ ਦੀ ਸੌਰ ਊਰਜਾ ਵੱਲ ਵੱਡੀ ਪੁਲਾਂਘ: ਰਿਵਾਇਤੀ ਊਰਜਾ ’ਤੇ ਨਿਰਭਰਤਾ ਘਟਾਉਣ ਲਈ 66 ਸੋਲਰ ਪਾਵਰ ਪਲਾਂਟ ਕੀਤੇ ਜਾਣਗੇ ਸਥਾਪਤ

*** ਦਸੰਬਰ 2025 ਤੱਕ 264 ਮੈਗਾਵਾਟ ਸੌਰ ਊਰਜਾ ਦਾ ਹੋਵੇਗਾ ਵਾਧਾ : ਅਮਨ ਅਰੋੜਾ * ਨਵੀਂ ਅਤੇ ਨਵਿਆਉਣਯੋਗ ਊਰਜਾ ਸਰੋਤ ਮੰਤਰੀ ਨੇ ਮੈਸਰਜ਼ ਵੀ.ਪੀ. ਸੋਲਰ ਜੈਨਰੇਸ਼ਨਜ਼ ਪ੍ਰਾਈਵੇਟ ਲਿਮ. ਨੂੰ ਸੋਲਰ ਪਾਵਰ ਪਲਾਂਟ ਸਥਾਪਤ ਕਰਨ ਲਈ ਸੌਂਪਿਆ ਐਲ.ਓ.ਏ.**

ਚੰਡੀਗੜ੍ਹ, 23 ਦਸੰਬਰ (ਪੋਸਟ ਬਿਊਰੋ): ਪੰਜਾਬ ਦੇ ਨਵੀਂ ਅਤੇ ਨਵਿਆਉਣਯੋਗ ਊਰਜਾ ਸਰੋਤ ਮੰਤਰੀ ਅਮਨ ਅਰੋੜਾ ਨੇ ਅੱਜ ਦੱਸਿਆ ਕਿ ਸੂਬੇ ਨੂੰ ਸੌਰ ਊਰਜਾ ਉਤਪਾਦਨ ਵਿੱਚ ਮੋਹਰੀ ਬਣਾਉਣ ਅਤੇ ਰਿਵਾਇਤੀ ਈਂਧਨ 'ਤੇ ਨਿਰਭਰਤਾ ਘਟਾਉਣ ਦੇ ਉਦੇਸ਼ ਨਾਲ ਪੰਜਾਬ ਸਰਕਾਰ ਵੱਲੋਂ ਕੁੱਲ 264 ਮੈਗਾਵਾਟ ਸਮਰੱਥਾ ਦੇ 66 ਸੂਰਜੀ ਊਰਜਾ ਪਲਾਂਟ ਸਥਾਪਤ ਕੀਤੇ ਜਾਣਗੇ। ਉਨ੍ਹਾਂ ਦੱਸਿਆ ਕਿ ਹਰ ਪਲਾਂਟ 4 ਮੈਗਾਵਾਟ ਸਮਰੱਥਾ ਵਾਲਾ ਹੋਵੇਗਾ।

ਉਨ੍ਹਾਂ ਅੱਜ ਇੱਥੇ ਮੈਸਰਜ਼ ਵੀ.ਪੀ. ਸੋਲਰ ਜੈਨਰੇਸ਼ਨਜ਼ ਪ੍ਰਾਈਵੇਟ ਲਿਮਟਿਡ ਨੂੰ ਸੋਲਰ ਪਾਵਰ ਪਲਾਂਟ ਸਥਾਪਤ ਕਰਨ ਲਈ ਲੈਟਰ ਆਫ਼ ਐਵਾਰਡ (ਐਲ.ਓ.ਏ.) ਸੌਂਪਿਆ। ਉਨ੍ਹਾਂ ਦੱਸਿਆ ਕਿ ਇਹ ਪਲਾਂਟ ਪੀ.ਐਸ.ਪੀ.ਸੀ.ਐਲ. ਦੇ 66-ਕੇ.ਵੀ. ਸਬ-ਸਟੇਸ਼ਨਾਂ ਨੇੜੇ ਲਗਾਏ ਜਾਣਗੇ।

ਦੱਸਣਯੋਗ ਹੈ ਕਿ ਇਸ ਕੰਪਨੀ ਨੂੰ ਪਾਰਦਰਸ਼ੀ ਢੰਗ ਨਾਲ ਬੋਲੀ ਪ੍ਰਕਿਰਿਆ ਰਾਹੀਂ ਚੁਣਿਆ ਗਿਆ ਹੈ। ਇਸ ਉਪਰੰਤ ਪੰਜਾਬ ਰਾਜ ਬਿਜਲੀ ਰੈਗੂਲੇਟਰੀ ਕਮਿਸ਼ਨ (ਪੀ.ਐਸ.ਈ.ਆਰ.ਸੀ.) ਨੇ 2.38 ਰੁਪਏ ਪ੍ਰਤੀ ਕਿਲੋਵਾਟ ਘੰਟਾ ਦੀ ਦਰ ਨਾਲ ਪੀ.ਐਸ.ਪੀ.ਸੀ. ਐਲ. ਨੂੰ 25 ਸਾਲਾਂ ਦੇ ਪੀ.ਪੀ.ਏ ਤਹਿਤ ਸੌਰ ਊਰਜਾ ਮੁਹੱਈਆ ਕਰਵਾਉਣ ਲਈ ਸਹਿਮਤੀ ਦਿੱਤੀ ਗਈ ਹੈ।

ਅਮਨ ਅਰੋੜਾ ਨੇ ਦੱਸਿਆ ਕਿ ਸੌਰ ਊਰਜਾ ਦਾ ਇਹ ਵੱਕਾਰੀ ਪ੍ਰਾਜੈਕਟ



ਦਸੰਬਰ 2025 ਦੇ ਅੰਤ ਤੱਕ ਮੁਕੰਮਲ ਹੋ ਜਾਵੇਗਾ। ਇਸ ਪ੍ਰਾਜੈਕਟ ਦੇ ਚਾਲੂ ਹੋਣ 'ਤੇ ਸਾਲਾਨਾ ਲਗਭਗ 400 ਮਿਲੀਅਨ ਯੂਨਿਟ ਬਿਜਲੀ ਪੈਦਾ ਹੋਵੇਗੀ। ਇਸ ਫੀਡਰ ਪੱਧਰੀ ਸੋਲਰਾਈਜ਼ੇਸ਼ਨ ਪ੍ਰਾਜੈਕਟ ਦੇ ਲਾਗੂ ਹੋਣ ਨਾਲ ਖੇਤੀਬਾੜੀ ਬਿਜਲੀ ਸਬਸਿਡੀ ਦੇ ਲਗਭਗ 176 ਕਰੋੜ ਰੁਪਏ ਦੀ ਸਾਲਾਨਾ ਬੱਚਤ ਹੋਣ ਦੀ ਸੰਭਾਵਨਾ ਹੈ। ਇਹ ਪ੍ਰਾਜੈਕਟ ਰਾਜ ਦੀ ਨਵਿਆਉਣਯੋਗ ਊਰਜਾ ਸਮਰੱਥਾ ਵਿੱਚ ਅਹਿਮ ਯੋਗਦਾਨ ਪਾਵੇਗਾ ਅਤੇ ਇਸ ਤੋਂ ਇਲਾਵਾ ਊਰਜਾ ਦੇ ਰਿਵਾਇਤੀ ਸਰੋਤਾਂ 'ਤੇ ਨਿਰਭਰਤਾ ਘਟਾਉਣ ਦੇ ਨਾਲ-ਨਾਲ ਕਾਰਬਨ ਨਿਕਾਸੀ ਨੂੰ ਵੀ ਘੱਟ ਕਰੇਗਾ। ਇਨ੍ਹਾਂ ਸੋਲਰ ਪਾਵਰ ਪਲਾਂਟਾਂ ਤੋਂ ਪੈਦਾ ਹੋਈ ਊਰਜਾ ਨੂੰ ਸੂਬੇ ਵਿੱਚ ਡਿਸਟ੍ਰੀਬਿਊਟਿਡ ਐਨਰਜੀ ਕੰਪੋਨੈਂਟ ਆਫ਼ ਰੀਨਿਊਏਬਲ ਪਰਚੇਜ਼ ਔਬਲੀਗੇਸ਼ਨ (ਆਰ.ਪੀ.ਓ.) ਤਹਿਤ ਟੀਚਿਆਂ ਵਿੱਚ ਸ਼ਾਮਲ ਮੰਨਿਆ ਜਾਵੇਗਾ।

ਅਮਨ ਅਰੋੜਾ ਨੇ ਪੇਡਾ ਅਧਿਕਾਰੀਆਂ ਨੂੰ ਇਸ ਪ੍ਰਾਜੈਕਟ ਨੂੰ ਸੁਚਾਰੂ ਢੰਗ ਨਾਲ ਸਮੇਂ ਸਿਰ ਨੇਪਰੇ ਚਾੜ੍ਹਨ ਲਈ ਹਰ ਸੰਭਵ ਯਤਨ ਕਰਨ ਦੀ ਹਦਾਇਤ ਵੀ ਕੀਤੀ। ਉਨ੍ਹਾਂ ਕਿਹਾ ਕਿ ਇਹ ਪਹਿਲਕਦਮੀ ਸੂਬੇ ਵਿੱਚ ਲਗਭਗ 1,056 ਕਰੋੜ ਰੁਪਏ ਦੇ ਨਿਵੇਸ਼ ਨੂੰ ਆਕਰਸ਼ਿਤ ਕਰੇਗੀ, ਜਿਸ ਨਾਲ ਸੂਬੇ ਵਿੱਚ ਗ਼ੈਰ-ਰਵਾਇਤੀ ਊਰਜਾ ਦੇ ਖੇਤਰ ਵਿੱਚ ਹੁਨਰਮੰਦ ਅਤੇ ਅਰਧ-ਹੁਨਰਮੰਦ ਵਿਅਕਤੀਆਂ ਲਈ ਰੋਜ਼ਗਾਰ ਦੇ ਨਵੇਂ ਮੌਕੇ ਪੈਦਾ ਕਰਨ ਲਈ ਰਾਹ ਪੱਧਰਾ ਹੋਵੇਗਾ।

ਇਸ ਮੌਕੇ ਪੇਡਾ ਦੇ ਡਾਇਰੈਕਟਰ ਐਮ.ਪੀ. ਸਿੰਘ, ਜੁਆਇੰਟ ਡਾਇਰੈਕਟਰ ਰਾਜੇਸ਼ ਬਾਂਸਲ, ਮੈਸਰਜ਼ ਵੀ.ਪੀ. ਸੋਲਰ ਜਨਰੇਸ਼ਨਜ਼ ਪ੍ਰਾ. ਲਿਮ. ਦੇ ਡਾਇਰੈਕਟਰ ਪ੍ਰਮੋਧ ਚੌਧਰੀ, ਹਰਪਾਲ ਸਿੰਘ ਸੰਧੂ ਹਾਜ਼ਰ ਸਨ।









# ਸ਼ਹੀਦੀ ਸਭਾ: ਸੰਗਤ ਦੀ ਸਹੂਲਤ ਲਈ 20 ਪਾਰਕਿੰਗ ਥਾਂਵਾਂ ’ਤੇ 100 ਸ਼ਟਲ ਬੱਸਾਂ ਦੀ ਵਿਵਸਥਾ

### ਸਪੈਸ਼ਲ ਡੀਜੀਪੀ ਅਰਪਿਤ ਸ਼ੁਕਲਾ ਨੇ ਸ਼ਹੀਦੀ ਸਭਾ ਤੋਂ ਪਹਿਲਾਂ ਫ਼ਤਹਿਗੜ੍ਹ ਸਾਹਿਬ ਵਿਖੇ ਸੁਰੱਖਿਆ ਪ੍ਰਬੰਧਾਂ ਦਾ ਲਿਆ ਜਾਇਜ਼ਾ

ਚੰਡੀਗੜ੍ਹ, 23 ਦਸੰਬਰ (ਪੋਸਟ ਬਿਊਰੋ): ਸ਼ਹੀਦੀ ਸਭਾ ਤੋਂ ਪਹਿਲਾਂ ਸਪੈਸ਼ਲ ਡਾਇਰੈਕਟਰ ਜਨਰਲ ਆਫ਼ ਪੁਲਿਸ (ਸਪੈਸ਼ਲ ਡੀਜੀਪੀ) ਕਾਨੂੰਨ ਅਤੇ ਵਿਵਸਥਾ ਅਰਪਿਤ ਸ਼ੁਕਲਾ ਨੇ ਅੱਜ ਫ਼ਤਹਿਗੜ੍ਹ ਸਾਹਿਬ ਦਾ ਦੌਰਾ ਕੀਤਾ ਅਤੇ ਜ਼ਿਲ੍ਹੇ ਵਿੱਚ ਸਮਾਗਮ ਨੂੰ ਸੁਚਾਰੂ ਅਤੇ ਸੁਰੱਖਿਅਤ ਢੰਗ ਨਾਲ ਨੇਪਰੇ ਚਾੜ੍ਹਨ ਲਈ ਸੁਰੱਖਿਆ ਪ੍ਰਬੰਧਾਂ ਦਾ ਜਾਇਜ਼ਾ ਲਿਆ।

ਦੱਸਣਯੋਗ ਹੈ ਕਿ ਦਸਵੇਂ ਗੁਰੂ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਸਾਹਿਬਜ਼ਾਦਿਆਂ ਬਾਬਾ ਜ਼ੋਰਾਵਰ ਸਿੰਘ ਅਤੇ ਬਾਬਾ ਫ਼ਤਹਿ ਸਿੰਘ ਦੀ ਸ਼ਹਾਦਤ ਨੂੰ ਸ਼ਰਧਾਂਜਲੀ ਭੇਟ ਕਰਨ ਲਈ ਤਿੰਨ ਰੋਜ਼ਾ ਸਾਲਾਨਾ ਸ਼ਹੀਦੀ ਸਮਾਗਮ 25 ਦਸੰਬਰ ਤੋਂ 27 ਦਸੰਬਰ, 2024 ਤੱਕ ਫ਼ਤਹਿਗੜ੍ਹ ਸਾਹਿਬ ਵਿਖੇ ਕਰਵਾਇਆ ਜਾਵੇਗਾ।

ਸਪੈਸ਼ਲ ਡੀਜੀਪੀ ਅਰਪਿਤ ਸ਼ੁਕਲਾ ਨੇ ਡੀਆਈਜੀ ਰੋਪੜ ਰੇਂਜ ਹਰਚਰਨ ਸਿੰਘ ਭੁੱਲਰ ਅਤੇ ਐਸਐਸਪੀ ਫ਼ਤਹਿਗੜ੍ਹ ਸਾਹਿਬ ਡਾ. ਰਵਜੋਤ ਗਰੇਵਾਲ ਨਾਲ ਸ਼ਹੀਦੀ ਸਭਾ ਦੇ ਸਮਾਗਮ ਵਾਲੇ ਸਥਾਨ ਦੇ ਪੁਖਤਾ ਸੁਰੱਖਿਆ ਪ੍ਰਬੰਧਾਂ ਨੂੰ ਯਕੀਨੀ ਬਣਾਉਣ ਲਈ ਤਾਇਨਾਤ ਸਾਰੇ ਡੀਐਸਪੀ ਅਤੇ ਐਸਪੀ ਰੈਂਕ ਦੇ ਅਧਿਕਾਰੀਆਂ ਅਤੇ 3200 ਪੁਲਿਸ ਬਲ ਨਾਲ ਸੁਰੱਖਿਆ ਪ੍ਰਬੰਧਾਂ ਬਾਰੇ ਜਾਣਕਾਰੀ ਸਾਂਝੀ ਕੀਤੀ। ਉਨ੍ਹਾਂ ਸੰਗਤਾਂ ਨਾਲ ਨਿਮਰਤਾ ਨਾਲ ਵਿਵਹਾਰ ਕਰਨ ਅਤੇ ਇਸ ਨੂੰ ਸਫ਼ਲ ਬਣਾਉਣ ਲਈ ਪੂਰੀ ਲਗਨ ਅਤੇ ਤਨਦੇਹੀ ਨਾਲ ਕੰਮ ਕਰਨ ਲਈ ਕਿਹਾ।



ਉਨ੍ਹਾਂ ਸਾਰੇ ਸੁਰੱਖਿਆ ਪ੍ਰਬੰਧਾਂ ਦਾ ਜਾਇਜ਼ਾ ਲੈਂਦਿਆਂ ਕਿਹਾ ਕਿ ਇਸ ਸਾਲ ਸ਼ਹੀਦੀ ਸਭਾ ਨੂੰ ਸ਼ਾਂਤਮਈ ਅਤੇ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਲਈ ਫ਼ਤਹਿਗੜ੍ਹ ਸਾਹਿਬ ਪੁਲਿਸ ਵੱਲੋਂ ਕਈ ਨਵੇਂ ਉਪਰਾਲੇ ਕੀਤੇ ਗਏ ਹਨ ਤਾਂ ਜੋ ਛੋਟੇ ਸਾਹਿਬਜ਼ਾਦਿਆਂ ਨੂੰ ਸ਼ਰਧਾਂਜਲੀ ਭੇਟ ਕਰਨ ਸਮੇਂ ਸੰਗਤ ਨੂੰ ਕਿਸੇ ਕਿਸਮ ਦੀ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ।

ਸਪੈਸ਼ਲ ਡੀਜੀਪੀ ਨੇ ਦੱਸਿਆ ਕਿ ਕੁੱਲ 20 ਪਾਰਕਿੰਗ ਥਾਵਾਂ ਨਿਰਧਾਰਿਤ ਕੀਤੀਆਂ ਗਈਆਂ ਹਨ ਅਤੇ ਸ਼ਰਧਾਲੂਆਂ ਦੀ ਸਹੂਲਤ ਲਈ ਪਾਰਕਿੰਗ ਏਰੀਆ ਅਤੇ ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਵਿਚਕਾਰ ਸ਼ਟਲ ਬੱਸ ਸੇਵਾ ਵਧਾ ਕੇ 100 ਬੱਸਾਂ ਦੀ ਵਿਵਸਥਾ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਸਮੁੱਚੇ ਸ਼ਹਿਰ ਨੂੰ ਇੱਕ ਤਰਫਾ ਆਵਾਜਾਈ ਮਾਰਗ ਵਿੱਚ ਤਬਦੀਲ ਕਰ ਦਿੱਤਾ ਗਿਆ ਹੈ।

# ਛੋਟੇ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰੀ ਜੀ ਦੀ ਬੇਮਿਸਾਲ ਕੁਰਬਾਨੀ ਆਉਣ ਵਾਲੀਆਂ ਪੀੜ੍ਹੀਆਂ ਨੂੰ ਜਬਰ, ਜ਼ੁਲਮ ਅਤੇ ਬੇਇਨਸਾਫ਼ੀ ਵਿਰੁੱਧ ਲੜਨ ਲਈ ਪ੍ਰੇਰਿਤ ਕਰਦੀ ਰਹੇਗੀ : ਮੁੱਖ ਮੰਤਰੀ

### * ਗੁਰਦੁਆਰਾ ਸ੍ਰੀ ਫਤਹਿਗੜ੍ਹ ਸਾਹਿਬ ਵਿਖੇ ਹੋਏ ਨਤਮਸਤਕ * ਸਮਾਜ ਦੇ ਹਰ ਵਰਗ ਦੀ ਭਲਾਈ ਯਕੀਨੀ ਬਣਾਉਣ ਲਈ ਮਹਾਨ ਸਿੱਖ ਗੁਰੂ ਸਾਹਿਬਾਨ ਅਤੇ ਸ਼ਹੀਦਾਂ ਦੇ ਨਕਸ਼ੇ ਕਦਮਾਂ 'ਤੇ ਚੱਲ ਰਹੀ ਹੈ ਸੂਬਾ ਸਰਕਾਰ

ਫ਼ਤਹਿਗੜ੍ਹ ਸਾਹਿਬ, 23 ਦਸੰਬਰ (ਪੋਸਟ ਬਿਊਰੋ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸੋਮਵਾਰ ਨੂੰ ਕਿਹਾ ਕਿ ਮਾਤਾ ਗੁਜਰੀ ਜੀ ਅਤੇ ਛੋਟੇ ਸਾਹਿਬਜ਼ਾਦਿਆਂ ਬਾਬਾ ਜ਼ੋਰਾਵਰ ਸਿੰਘ ਅਤੇ ਬਾਬਾ ਫਤਹਿ ਸਿੰਘ ਵੱਲੋਂ ਦਿੱਤੀ ਬੇਮਿਸਾਲ ਕੁਰਬਾਨੀ ਆਉਣ ਵਾਲੀਆਂ ਪੀੜ੍ਹੀਆਂ ਨੂੰ ਜਬਰ, ਜ਼ੁਲਮ ਅਤੇ ਅਨਿਆਂ ਵਿਰੁੱਧ ਲੜਨ ਲਈ ਪ੍ਰੇਰਿਤ ਕਰੇਗੀ।

ਇੱਥੇ ਗੁਰਦੁਆਰਾ ਸ੍ਰੀ ਫਤਹਿਗੜ੍ਹ ਸਾਹਿਬ ਵਿਖੇ ਮੱਥਾ ਟੇਕਣ ਆਏ ਮੁੱਖ ਮੰਤਰੀ ਨੇ ਛੋਟੇ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰੀ ਜੀ ਦੀ ਮਹਾਨ ਕੁਰਬਾਨੀ ਨੂੰ ਸਿਜਦਾ ਕਰਦਿਆਂ ਕਿਹਾ ਕਿ ਇਹ ਕੁਰਬਾਨੀਆਂ ਵਿਸ਼ਵ ਭਰ ਦੇ ਮਨੁੱਖਤਾ ਦੇ ਇਤਿਹਾਸ ਵਿੱਚ ਬੇਮਿਸਾਲ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸਮੁੱਚਾ ਪੰਜਾਬ ਇਸ ਮਹੀਨੇ ਨੂੰ ‘ਸੋਗ ਦੇ ਮਹੀਨੇ’ ਵਜੋਂ ਮਨਾਉਂਦਾ ਹੈ ਕਿਉਂਕਿ ਇਨ੍ਹਾਂ ਦਿਨਾਂ ਦੌਰਾਨ ਜ਼ਾਲਮ ਹਾਕਮਾਂ ਵੱਲੋਂ ਛੋਟੇ ਸਾਹਿਬਜ਼ਾਦਿਆਂ ਨੂੰ ਜਿਊਂਦਿਆਂ ਹੀ ਨੀਂਹ ਵਿੱਚ ਚਿਣ ਦਿੱਤਾ ਗਿਆ ਸੀ। ਉਨ੍ਹਾਂ ਕਿਹਾ ਕਿ ਪੂਰੇ ਵਿਸ਼ਵ ਨੂੰ ਇਸ ਲਾਸਾਨੀ ਅਤੇ ਬੇਮਿਸਾਲ ਕੁਰਬਾਨੀ 'ਤੇ ਮਾਣ ਹੈ, ਜੋ ਪੰਜਾਬੀਆਂ, ਸਾਡੇ ਦੇਸ਼ ਵਾਸੀਆਂ ਲਈ ਹੀ ਨਹੀਂ, ਸਗੋਂ ਦੁਨੀਆ ਭਰ ਵਿਚ ਵਸਦੇ ਹਰੇਕ ਵਿਅਕਤੀ ਲਈ ਸਤਿਕਾਰ ਵਾਲੀ ਗੱਲ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਇਸ ਖਿੱਤੇ ਦੀ ਇਕ-ਇਕ ਇੰਚ ਜ਼ਮੀਨ ਅਤਿ ਪਵਿੱਤਰ ਹੈ, ਜਿਸ ਕਾਰਨ ਲੋਕ ਵੱਡੀ ਗਿਣਤੀ ਵਿੱਚ ਇਸ ਪਵਿੱਤਰ ਅਸਥਾਨ 'ਤੇ ਮੱਥਾ ਟੇਕਣ ਲਈ ਆਉਂਦੇ ਹਨ। ਉਨ੍ਹਾਂ ਕਿਹਾ ਕਿ ਸਾਡੇ ਚੇਤਿਆਂ ਦੇ ਸਮੇਂ ਤੋਂ ਹੀ ਦਸਵੇਂ ਸਿੱਖ ਗੁਰੂ ਸਾਹਿਬਾਨ ਦੀ ਮਾਤਾ ਅਤੇ ਸਾਹਿਬਜ਼ਾਦਿਆਂ ਦੀ ਮਹਾਨ ਕੁਰਬਾਨੀ ਨੂੰ ਯਾਦ ਕਰਨ ਲਈ ਹਰ ਸਾਲ ਸ਼ਹੀਦੀ ਜੋੜ ਮੇਲ ਮਨਾਇਆ ਜਾਂਦਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਛੋਟੇ ਸਾਹਿਬਜ਼ਾਦਿਆਂ ਨੂੰ ਦੁਨੀਆ ਦੇ ਇਤਿਹਾਸ ਵਿੱਚ ਲਾਸਾਨੀ ਕੁਰਬਾਨੀ ਲਈ ਸਮੁੱਚਾ ਵਿਸ਼ਵ ਸ਼ਰਧਾਂਜਲੀ ਭੇਟ ਕਰ ਰਿਹਾ ਹੈ।



ਮੁੱਖ ਮੰਤਰੀ ਨੇ ਕਿਹਾ ਕਿ ਸਾਹਿਬਜ਼ਾਦਿਆਂ ਨੂੰ ਬਹਾਦਰੀ ਅਤੇ ਨਿਰਸਵਾਰਥ ਸੇਵਾ ਦੇ ਗੁਣ ਦਸਮੇਸ਼ ਪਿਤਾ ਤੋਂ ਵਿਰਸੇ ਵਿੱਚ ਮਿਲੇ ਹਨ, ਜਿਨ੍ਹਾਂ ਨੇ ਮਨੁੱਖਤਾ ਦੀ ਖਾਤਰ ਅਣਥੱਕ ਲੜਾਈ ਲੜੀ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਦਾ ਇਤਿਹਾਸ ਅਣਗਿਣਤ ਕੁਰਬਾਨੀਆਂ ਨਾਲ ਭਰਿਆ ਪਿਆ ਹੈ, ਜੋ ਸਾਡੇ ਮਹਾਨ ਗੁਰੂ ਸਾਹਿਬਾਨ ਸ੍ਰੀ ਗੁਰੂ ਅਰਜਨ ਦੇਵ ਜੀ, ਸ੍ਰੀ ਗੁਰੂ ਤੇਗ ਬਹਾਦਰ ਜੀ ਅਤੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਤੋਂ ਪ੍ਰੇਰਿਤ ਹੈ, ਜਿਨ੍ਹਾਂ ਨੇ ਦੇਸ਼ ਖਾਤਰ ਆਪਣੀਆਂ ਜਾਨਾਂ ਵਾਰ ਦਿੱਤੀਆਂ। ਉਨ੍ਹਾਂ ਨੇ ਨੌਜਵਾਨ ਪੀੜ੍ਹੀ ਨੂੰ ਦੇਸ਼ ਲਈ ਨਿਰਸਵਾਰਥ ਕੁਰਬਾਨੀਆਂ ਲਈ ਪ੍ਰੇਰਿਤ ਕਰਨ ਲਈ ਇਸ ਮਹਾਨ ਕੁਰਬਾਨੀ ਤੋਂ ਜਾਣੂ ਕਰਵਾਉਣ ਦੀ ਲੋੜ 'ਤੇ ਜ਼ੋਰ ਦਿੱਤਾ।

ਮੁੱਖ ਮੰਤਰੀ ਨੇ ਇਹ ਵੀ ਚੇਤੇ ਕੀਤਾ ਕਿ ਲੋਕ ਸਭਾ ਮੈਂਬਰ ਵਜੋਂ ਕਾਰਜਕਾਲ ਦੌਰਾਨ ਉਨ੍ਹਾਂ ਵੱਲੋਂ ਤਤਕਾਲੀ ਲੋਕ ਸਭਾ ਸਪੀਕਰ ਕੋਲ ਪੈਰਵੀ ਕਰਨ ਉੱਤੇ ਸਦਨ ਨੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਸਾਹਿਬਜ਼ਾਦਿਆਂ ਨੂੰ ਉਨ੍ਹਾਂ ਦੇ ਸ਼ਹੀਦੀ ਦਿਹਾੜੇ 'ਤੇ ਸ਼ਰਧਾਂਜਲੀ ਭੇਟ ਕੀਤੀ ਸੀ। ਉਨ੍ਹਾਂ ਕਿਹਾ ਕਿ ਸਿੱਖਾਂ ਦੇ ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਸਾਹਿਬਜ਼ਾਦਿਆਂ ਬਾਬਾ ਜ਼ੋਰਾਵਰ ਸਿੰਘ ਅਤੇ ਬਾਬਾ ਫਤਹਿ ਸਿੰਘ ਨੇ ਛੋਟੀ ਉਮਰ ਵਿੱਚ ਹੀ ਸ਼ਹੀਦੀ ਪ੍ਰਾਪਤ ਕੀਤੀ ਅਤੇ ਉਨ੍ਹਾਂ ਨੇ ਸਰਹਿੰਦ ਦੇ ਮੁਗ਼ਲ ਸੂਬੇਦਾਰ ਦੀ ਤਾਕਤ ਦਾ ਡਟ ਕੇ ਮੁਕਾਬਲਾ ਕਰਨ ਲਈ ਮਿਸਾਲੀ ਦਲੇਰੀ ਅਤੇ ਨਿਡਰਤਾ ਦਾ ਸਬੂਤ ਦਿੱਤਾ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਉਹ ਖ਼ੁਸ਼ ਹਨ ਕਿ ਉਨ੍ਹਾਂ ਨੂੰ ਸੂਬੇ ਅਤੇ ਇੱਥੋਂ ਦੇ ਲੋਕਾਂ ਦੀ ਸੇਵਾ ਕਰਨ ਦਾ ਮੌਕਾ ਮਿਲਿਆ ਹੈ। ਉਨ੍ਹਾਂ ਕਿਹਾ ਕਿ ਇਸ ਨੇਕ ਕਾਰਜ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ ਕਿਉਂਕਿ ਸੂਬਾ ਸਰਕਾਰ ਮਹਾਨ ਸਿੱਖ ਗੁਰੂਆਂ ਅਤੇ ਸ਼ਹੀਦਾਂ ਦੇ ਨਕਸ਼ੇ-ਕਦਮਾਂ 'ਤੇ ਚੱਲ ਕੇ ਸਮਾਜ ਦੇ ਹਰ ਵਰਗ ਦੀ ਖ਼ੁਸ਼ਹਾਲੀ ਯਕੀਨੀ ਬਣਾਉਣ ਲਈ ਯਤਨਸ਼ੀਲ ਹੈ।

# ਗੁਰਦਾਸਪੁਰ ਗ੍ਰਨੇਡ ਹਮਲਾ: ਪੰਜਾਬ ਅਤੇ ਯੂਪੀ ਪੁਲਿਸ ਵੱਲੋਂ ਸਾਂਝੇ ਆਪ੍ਰੇਸ਼ਨ ਤਹਿਤ ਕੇ.ਜ਼ੈੱਡ.ਐੱਫ਼. ਅੱਤਵਾਦੀ ਮਾਡਿਊਲ ਦੇ ਤਿੰਨ ਕਾਰਕੁੰਨਾਂ ਨਾਲ ਮੁਕਾਬਲਾ



### ਦਹਿਸ਼ਤ ਮਾਡਿਊਲ ਕੇ.ਜ਼ੈਡ.ਐਫ. ਚੀਫ਼ ਰਣਜੀਤ ਸਿੰਘ ਨੀਟਾ ਦੁਆਰਾ ਕੀਤਾ ਜਾਂਦਾ ਹੈ ਕੰਟਰੋਲ ਅਤੇ ਗ੍ਰੀਸ ਅਧਾਰਤ ਜਸਵਿੰਦਰ ਸਿੰਘ ਮੰਨੂ ਹੈ ਗਿਰੋਹ ਦਾ ਸੰਚਾਲਕ: ਡੀਜੀਪੀ ਗੌਰਵ ਯਾਦਵ

ਚੰਡੀਗੜ੍ਹ, 23 ਦਸੰਬਰ (ਪੋਸਟ ਬਿਊਰੋ): ਪਾਕਿਸਤਾਨ- ਆਈ.ਐਸ.ਆਈ. ਦੀ ਸਪਾਂਸਰਡ ਖਾਲਿਸਤਾਨ ਜ਼ਿੰਦਾਬਾਦ ਫੋਰਸ (ਕੇਜ਼ੈਡਐਫ) ਅੱਤਵਾਦੀ ਗਿਰੋਹ ਦੇ ਖ਼ਿਲਾਫ ਇੱਕ ਵੱਡੀ ਸਫ਼ਲਤਾ ਦਰਜ ਕਰਦਿਆਂ ਪੰਜਾਬ ਪੁਲਿਸ ਅਤੇ ਉੱਤਰ ਪ੍ਰਦੇਸ਼ (ਯੂਪੀ) ਪੁਲਿਸ ਨੇ ਇੱਕ ਸਾਂਝੇ ਆਪ੍ਰੇਸ਼ਨ ਤਹਿਤ ਗੁਰਦਾਸਪੁਰ ਵਿੱਚ ਪੁਲਿਸ ਥਾਣੇ ’ਤੇ ਗ੍ਰਨੇਡ ਹਮਲੇ ਕਰਨ ਵਿੱਚ ਸ਼ਾਮਲ ਇਸ ਗਿਰੋਹ ਦੇ ਤਿੰਨ ਕਾਰਕੁੰਨਾਂ ਨਾਲ ਡੱਟਵਾਂ ਮੁਕਾਬਲਾ (ਇਨਕਾਊਂਟਰ) ਕੀਤਾ। ਇਹ ਜਾਣਕਾਰੀ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਸੋਮਵਾਰ ਨੂੰ ਇੱਥੇ ਦਿੱਤੀ।

ਇਹ ਮੁਕਾਬਲਾ (ਇਨਕਾਊਂਟਰ) ਯੂਪੀ ਦੇ ਪੀਲੀਭੀਤ ਦੇ ਥਾਣਾ ਪੂਰਨਪੁਰ ਦੇ ਅਧਿਕਾਰ ਖੇਤਰ ਵਿੱਚ ਪੰਜਾਬ ਅਤੇ ਪੀਲੀਭੀਤ ਦੀਆਂ ਪੁਲਿਸ ਟੀਮਾਂ ਵੱਲੋਂ ਸਾਂਝੇ ਰੂਪ ਵਿੱਚ ਉਦੋਂ ਅਮਲ ਵਿੱਚ ਲਿਆਂਦਾ ਗਿਆ ਜਦੋਂ ਤਿੰਨ ਮਾਡਿਊਲ ਮੈਂਬਰਾਂ ਨੇ ਪੁਲਿਸ ਪਾਰਟੀ ’ਤੇ ਗੋਲੀਆਂ ਚਲਾ ਦਿੱਤੀਆਂ ਸੀ।

ਇਹ ਘਟਨਾ 18 ਦਸੰਬਰ 2024 ਨੂੰ ਗੁਰਦਾਸਪੁਰ ਦੇ ਕਲਾਨੌਰ ਪੁਲਿਸ ਥਾਣੇ ਦੇ ਅਧਿਕਾਰ ਖੇਤਰ ’ਚ ਪੈਂਦੇ ਬਖਸ਼ੀਵਾਲਾ ਪੁਲਿਸ ਚੌਕੀ ’ਤੇ ਕੁਝ ਅਣਪਛਾਤੇ ਵਿਅਕਤੀਆਂ ਵੱਲੋਂ ਹੈਂਡ ਗ੍ਰਨੇਡ ਸੁੱਟੇ ਜਾਣ ਤੋਂ ਹਫ਼ਤੇ ਤੋਂ ਵੀ ਘੱਟ ਸਮੇਂ ਵਿੱਚ ਅਮਲ ਵਿੱਚ ਆਈ ਹੈ। ਜ਼ਿਕਰਯੋਗ ਹੈ ਕਿ ਅੱਤਵਾਦੀ ਸੰਗਠਨ ਕੇ.ਜ਼ੈੱਡ.ਐੱਫ. ਨੇ ਸੋਸ਼ਲ ਮੀਡੀਆ ਪਲੇਟਫਾਰਮ ਦੀ ਵਰਤੋਂ ਕਰਕੇ ਇਸ ਦਹਿਸ਼ਤੀ ਕਾਰਵਾਈ ਦੀ ਜ਼ਿੰਮੇਵਾਰੀ ਲਈ ਸੀ।

ਡੀਜੀਪੀ ਗੌਰਵ ਯਾਦਵ ਨੇ ਤਿੰਨ ਕਾਰਕੁੰਨਾਂ ਦੀ ਪਛਾਣ ਵਰਿੰਦਰ ਸਿੰਘ ਉਰਫ ਰਵੀ ਵਾਸੀ ਅਗਵਾਨ, ਕਲਾਨੌਰ; ਗੁਰਵਿੰਦਰ ਸਿੰਘ ਵਾਸੀ ਮੁਹੱਲਾ ਭੈਣੀ ਬਾਣੀਆ , ਕਲਾਨੌਰ; ਅਤੇ ਜਸ਼ਨਪ੍ਰੀਤ ਸਿੰਘ ਉਰਫ ਪ੍ਰਤਾਪ ਸਿੰਘ ਵਾਸੀ ਸ਼ੂਰ ਖੁਰਦ , ਕਲਾਨੌਰ ਵਜੋਂ ਕੀਤੀ ਹੈ। ਉਨ੍ਹਾਂ ਅੱਗੇ ਦੱਸਿਆ ਕਿ ਯੂ.ਪੀ. ਵਿੱਚ ਪੁਲਿਸ ਟੀਮਾਂ ਨੇ ਉਨ੍ਹਾਂ ਦੇ ਕਬਜ਼ੇ ਵਿੱਚੋਂ ਦੋ ਏਕੇ-47 ਰਾਈਫਲਾਂ ਅਤੇ ਦੋ 9 ਐਮ.ਐਮ. ਗਲੋਕ ਪਿਸਤੌਲ ਵੀ ਬਰਾਮਦ ਕੀਤੇ ਹਨ।

ਉਨ੍ਹਾਂ ਕਿਹਾ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਇਸ ਦਹਿਸ਼ਤੀ ਮਾਡਿਊਲ ਨੂੰ ਕੇ.ਜ਼ੈਡ.ਐਫ. ਦੇ ਮੁਖੀ ਰਣਜੀਤ ਸਿੰਘ ਨੀਟਾ ਵੱਲੋਂ ਕੰਟਰੋਲ ਕੀਤਾ ਜਾਂਦਾ ਹੈ ਅਤੇ ਗ੍ਰੀਸ -ਅਧਾਰਤ ਜਸਵਿੰਦਰ ਸਿੰਘ ਮੰਨੂ (ਮੂਲ ਨਿਵਾਸੀ ਪਿੰਡ ਅਗਵਾਨ ਪਿੰਡ ਕਲਾਨੌਰ) ਵੱਲੋਂ ਚਲਾਇਆ ਜਾਂਦਾ ਹੈ।

ਜ਼ਿਕਰਯੋਗ ਹੈ ਕਿ ਇਸ ਮੋਡਿਊਲ ਦੀ ਅਗਵਾਈ ਕਰ ਰਿਹਾ ਮੁਲਜ਼ਮ ਵਰਿੰਦਰ ਉਰਫ ਰਵੀ ਵੀ ਪਿੰਡ ਅਗਵਾਨ ਦਾ ਰਹਿਣ ਵਾਲਾ ਹੈ ਅਤੇ ਉਸ ਨੂੰ ਬ੍ਰਿਟੇਨ ਸਥਿਤ ਜਗਜੀਤ ਸਿੰਘ ਵੱਲੋਂ ਨਿਰਦੇਸ਼ਿਤ ਕੀਤਾ ਜਾ ਰਿਹਾ ਸੀ, ਜੋ ਬ੍ਰਿਟਿਸ਼ ਆਰਮੀ ਵਿੱਚ ਕੰਮ ਕਰਦਾ ਦੱਸਿਆ ਜਾਂਦਾ ਹੈ ਅਤੇ ਆਪਣੀ ਪਛਾਣ ਫਤਿਹ ਸਿੰਘ ਬਾਗੀ ਵਜੋਂ ਦਰਸਾਉਂਦਾ ਸੀ। ਇਸੇ ਨਾਮ ਹੇਠ ਉਸ ਨੇ ਸੋਸ਼ਲ ਮੀਡੀਆ ਤੇ ਗ੍ਰਨੇਡ ਹਮਲੇ ਦੀ ਜ਼ਿੰਮੇਵਾਰੀ ਵੀ ਲਈ ਸੀ।

ਇਹ ਆਪਰੇਸ਼ਨ, ਜਿਸ ਵਿੱਚ ਯੂਪੀ ਅਤੇ ਪੰਜਾਬ ਦੀਆਂ ਪੁਲਿਸ ਬਲਾਂ ਨੇ ਮਿਲ ਕੇ ਕੰਮ ਕੀਤਾ, ਨੂੰ ਅੰਤਰ-ਰਾਜੀ ਸਹਿਯੋਗ ਦੀ ਸ਼ਾਨਦਾਰ ਉਦਾਹਰਣ ਦੱਸਦਿਆਂ ਡੀਜੀਪੀ ਨੇ ਕਿਹਾ ਕਿ ਪੰਜਾਬ ਪੁਲਿਸ ਨੂੰ ਜੋ ਇਤਲਾਹ ਮਿਲੀ ਸੀ ਉਸਨੂੰ ਤੁਰੰਤ ਯੂ.ਪੀ. ਪੁਲਿਸ ਨਾਲ ਸਾਂਝਾ ਕੀਤਾ ਗਿਆ ਅਤੇ ਦੋਸ਼ੀਆਂ ਦੇ ਖਿਲਾਫ ਸਾਂਝਾ ਆਪ੍ਰੇਸ਼ਨ ਅਮਲ ਵਿੱਚ ਲਿਆਂਦਾ ਗਿਆ।

ਇਸ ਕਾਰਵਾਈ ਸਬੰਧੀ ਹੋਰਹ ਵੇਰਵਿਆਂ ਨੂੰ ਸਾਂਝੇ ਕਰਦੇ ਹੋਏ ਪੁਲਿਸ ਦੇ ਡਿਪਟੀ ਇੰਸਪੈਕਟਰ ਜਨਰਲ (ਡੀਆਈਜੀ) ਬਾਰਡਰ ਰੇਂਜ ਸਤਿੰਦਰ ਸਿੰਘ ਨੇ ਕਿਹਾ ਕਿ ਸ਼ੱਕੀ ਵਿਅਕਤੀਆਂ ਦੇ ਯੂਪੀ ਭੱਜਣ ਅਤੇ ਪੀਲੀਭੀਤ ਵਿਖੇ ਕਿਤੇ ਪਨਾਹ ਲੈਣ ਬਾਰੇ ਭਰੋਸੇਯੋਗ ਇਤਲਾਹ ਮਿਲਣ ਤੋਂ ਬਾਅਦ, ਗੁਰਦਾਸਪੁਰ ਪੁਲਿਸ ਨੇ ਤੁਰੰਤ ਪੀਲੀਭੀਤ ਪੁਲਿਸ ਨੂੰ ਸੂਚਿਤ ਕੀਤਾ ਅਤੇ ਪੁਲਿਸ ਟੀਮਾਂ ਨੂੰ ਗੁਰਦਾਸਪੁਰ ਤੋਂ ਇੱਕ ਸੰਯੁਕਤ ਕਾਰਵਾਈ ਵਿੱਢਣ ਲਈ ਪੀਲੀਭੀਤ ਭੇਜ ਦਿੱਤਾ ਗਿਆ।.

ਉਨ੍ਹਾਂ ਕਿਹਾ ਕਿ ਪੁਲਿਸ ਟੀਮਾਂ ਨੇ ਮੁਲਜ਼ਮਾਂ ਨੂੰ ਕਾਬੂ ਕਰਨ ਵਿੱਚ ਸਫਲਤਾ ਹਾਸਲ ਕੀਤੀ ਅਤੇ ਆਹਮੋ-ਸਾਹਮਣੇ ਹੁੰਦਿਆਂ ਹੀ ਦੋਸ਼ੀਆਂ ਨੇ ਪੁਲਿਸ ਟੀਮਾਂ ’ਤੇ ਗੋਲੀਆਂ ਚਲਾ ਦਿੱਤੀਆਂ ਤਾਂ ਮਜਬੂਰਨ ਪੁਲਿਸ ਪਾਰਟੀਆਂ ਨੇ ਵੀ ਜਵਾਬੀ ਕਾਰਵਾਈ ਕਰਦਿਆਂ ਗੋਲੀ ਚਲਾਈ। ਗੋਲੀਬਾਰੀ ਦੌਰਾਨ ਤਿੰਨਾਂ ਮੁਲਜ਼ਮਾਂ ਨੂੰ ਗੋਲੀਆਂ ਲੱਗੀਆਂ ਜਿਨ੍ਹਾਂ ਨੂੰ ਤੁਰੰਤ ਡਾਕਟਰੀ ਇਲਾਜ ਲਈ ਸੀ.ਐਚ.ਸੀ. ਪੂਰਨਪੁਰ ਲਿਜਾਇਆ ਗਿਆ।

ਗੁਰਦਾਸਪੁਰ ਦੇ ਸੀਨੀਅਰ ਪੁਲਿਸ ਕਪਤਾਨ (ਐਸਐਸਪੀ) ਹਰੀਸ਼ ਦਿਆਮਾ ਨੇ ਕਿਹਾ ਕਿ ਇਸ ਦਹਿਸ਼ਤੀ ਮਾਡਿਊਲ ਦੇ ਸਾਰੇ ਸਬੰਧਾਂ ਅਤੇ ਮੈਂਬਰਾਂ ਦਾ ਪਰਦਾਫਾਸ਼ ਕਰਨ ਲਈ ਅਗਲੇਰੀ ਜਾਂਚ ਕੀਤੀ ਜਾ ਰਹੀ ਹੈ ਅਤੇ ਆਉਣ ਵਾਲੇ ਦਿਨਾਂ ਵਿੱਚ ਹੋਰ ਗ੍ਰਿਫਤਾਰੀਆਂ ਅਤੇ ਬਰਾਮਦਗੀ ਦੀ ਸੰਭਾਵਨਾ ਹੈ।

ਇਸ ਸਬੰਧੀ ਐਫਆਈਆਰ ਨੰ. 124 ਮਿਤੀ 19/12/2024 ਨੂੰ ਭਾਰਤੀ ਨਿਆ ਸੰਹਿਤਾ (ਬੀਐਨਐਸ) ਦੀ ਧਾਰਾ 109 ਅਤੇ 324 (4) ਅਤੇ ਵਿਸਫੋਟਕ ਐਕਟ ਦੀ ਧਾਰਾ 4 (5) ਤਹਿਤ ਥਾਣਾ ਕਲਾਨੌਰ ਵਿਖੇ ਦਰਜ ਕੀਤਾ ਗਿਆ ਸੀ। ਜਦੋਂ ਕਿ ਹੁਣ ਐਫਆਈਆਰ ਵਿੱਚ ਗੈਰਕਾਨੂੰਨੀ ਗਤੀਵਿਧੀਆਂ (ਰੋਕੂ) ਐਕਟ ਦੀਆਂ ਧਾਰਾਵਾਂ 13, 16, 17, 18-ਬੀ, 20, 35 ਅਤੇ 40 ਸ਼ਾਮਲ ਕੀਤੀਆਂ ਗਈਆਂ ਹਨ।

ੴ ਸ਼ਹੀਦੀ ਸਮਾਗਮ ੴ

ਸ੍ਰੀ ਮਾਛੀਵਾੜਾ ਸਾਹਿਬ ਇਲਾਕਾ ਨਿਵਾਸੀਆਂ ਸੰਗਤਾ ਵਲੋਂ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ, ਮਾਲਟਨ ਗੁਰੂਘਰ।

ਦਸਵੀਂ ਪਾਤਿਸ਼ਾਹੀ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਸ੍ਰੀ ਮਾਛੀਵਾੜੇ ਸਾਹਿਬ ਦੀ ਧਰਤੀ ’ਤੇ ਪਹੁੰਚਣ ਤੇ ਉਹਨਾਂ ਦੀ ਆਮਦ ਨੂੰ ਮੁੱਖ ਰੱਖਦਿਆਂ ਅਤੇ ਚਾਰੇ ਸਾਹਿਬਜ਼ਾਦੇ ਤੇ ਮਾਤਾ ਗੁਜਰ ਕੌਰ ਤੇ ਸਭਾ ਵਿੱਚ ਸ਼ਹੀਦ ਹੋਏ ਸਾਰੇ ਸਿੰਘਾਂ ਸਿੰਘਣੀਆਂ ਨੂੰ ਸਮਰਪਿਤ ਪਿਛਲੇ ਸਾਲਾਂ ਦੀ ਤਰ੍ਹਾਂ ਸ੍ਰੀ ਮਾਛੀਵਾੜਾ ਸਾਹਿਬ ਇਲਾਕਾ ਨਿਵਾਸੀਆਂ ਵਲੋਂ ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਸੇਵਾ ਕੀਤੀ ਜਾ ਰਹੀ ਹੈ। ਇਸ ਸਬੰਧ ਵਿਚ ਮਾਲਟਨ ਗੁਰੂ ਘਰ ਵਿਖੇ ਮਿਤੀ **23** ਦਸੰਬਰ ਨੂੰ ਅਖੰਡ ਪਾਠ ਸਾਹਿਬ ਅਰੰਭ ਹੋਣਗੇ ਜਿਹਨਾਂ ਦੇ ਭੋਗ **25** ਦਸੰਬਰ ਨੂੰ ਮੇਨ ਹਾਲ ਵਿੱਚ ਪਾਏ ਜਾਣਗੇ। ਕਿਰਪਾ ਕਰਕੇ ਸਭ ਸੰਗਤ ਤਿੰਨ ਦਿਨ ਗੁਰੂ ਘਰ ਵਿਖੇ ਹੁੰਮ ਹੁਮਾ ਕੇ ਪਹੁੰਚਣ ਦੀ ਕਿਰਪਾਲਤਾ ਕਰੋ ਜੀ ।

ਹੋਰ ਜਾਣਕਾਰੀ ਲਈ ਸੰਪਰਕ ਕਰੋ ਜੀ - ਗੁਰਪ੍ਰੀਤ ਸਿੰਘ ਉਪਲ 647-207-1887, ਸਤਪਾਲ ਸਿੰਘ ਗਰੇਵਾਲ 519-405-0075, ਜਸਵੰਤ ਸਿੰਘ 647-207-1887, ਉਜਾਗਰ ਸਿੰਘ ਗਿੱਲ 647-203-4090, ਕਾਕਾ ਸਿੰਘ ਤੱਖਰਾ 647-400-9991


Wishing You a
MERRY CHRISTMAS
and a
HAPPY NEW YEAR
Ruby Sahota
Your Member of Parliament
RubySahotaLib
Ruby.Sahota@parl.gc.ca
905-840-0505


Merry Christmas
and
HAPPY NEW YEAR
TAX-FREE
Happy Holidays!
Wishing you happiness, success, and a wonderful New Year ahead!
Starting Dec 14, 2024 Canadians will enjoy a tax break
on everyday essential goods until February 15, 2025!
As we celebrate this holiday season, I want to take a moment to wish each and every one of you a Merry Christmas and a Happy New Year! This time of year is about family, community, and the warmth we share with one another. I'm happy to share that the new GST/HST tax break, running from December 14, 2024, to February 15, 2025, is here to bring a little extra relief during these challenging times. You've all worked hard, and you deserve a break. Wishing you peace, joy, and a wonderful year ahead surrounded by those you love.
– Sonia Sidhu
SONIA SIDHU
Member of Parliament
Brampton South
905-846-0076
sonia.sidhu@parl.gc.ca


Algoma
UNIVERSITY
MY MISSION:
A career in law
that tackles
climate change
The individual missions of
our students are inspired
by Algoma University's
Special Mission, which is
what sets us apart
– and brings us together.

